
SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 131 | Monday, July 10, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

# ਨਾਟੋ ਸਿਖਰ ਵਾਰਤਾ ਵਿੱਚ ਹਿੱਸਾ ਲੈਣ ਲਈ ਟਰੂਡੋ ਰਵਾਨਾ



ਓਟਵਾ, 9 ਜੁਲਾਈ (ਪੋਸਟ ਬਿਊਰੋ) : ਪ੍ਰਧਾਨ ਮੰਤਰੀ ਜਸਟਿਨ ਟਰੂਡੋ ਇਸ ਹਫਤੇ ਲਿਥੂਆਨੀਆ ਵਿੱਚ ਹੋਣ ਜਾ ਰਹੀ ਨਾਟੋ ਆਗੂਆਂ ਦੀ ਸਿਖਰ ਵਾਰਤਾ ਵਿੱਚ ਹਿੱਸਾ ਲੈਣ ਲਈ ਰਵਾਨਾ ਹੋ ਗਏ ਹਨ। ਇੱਥੇ ਕੈਨੇਡਾ ਨੂੰ ਦੋ ਵੱਡੇ ਮੁੱਦਿਆਂ ਵਿੱਚ ਅਹਿਮ ਭੂਮਿਕਾ ਨਿਭਾਉਣੀ ਹੋਵੇਗੀ, ਪਹਿਲਾ ਨਾਟੋ ਦੀ ਮੈਂਬਰਸ਼ਿਪ ਦੇ ਕੀਤੇ ਜਾ ਰਹੇ ਪਸਾਰ ਸਬੰਧੀ ਤੇ ਦੂਜਾ ਸਾਂਝੇ ਡਿਫੈਂਸ ਉੱਤੇ ਮੁੜ ਧਿਆਨ ਕੇਂਦਰਿਤ ਕਰਨ ਦੀਆਂ ਕੋਸ਼ਿਸ਼ਾਂ ਬਾਰੇ। ਐਤਵਾਰ ਸ਼ਾਮ ਨੂੰ ਟਰੂਡੋ ਦੇ ਓਟਵਾ ਤੋਂ ਰੀਗਾ, ਲੈਟਵੀਆ ਲਈ ਰਵਾਨਾ ਹੋਣ ਦੀ ਸੰਭਾਵਨਾ ਹੈ। ਮੰਗਲਵਾਰ ਨੂੰ ਲਿਥੂਆਨੀਆ ਵਿੱਚ ਹੋਣ ਵਾਲੀ ਨਾਟੋ ਸਿਖਰ ਵਾਰਤਾ ਲਈ ਜਾਣ ਤੋਂ ਪਹਿਲਾਂ ਉਹ ਸੋਮਵਾਰ ਨੂੰ ਇਸ ਦੇਸ਼ ਦੇ ਆਗੂਆਂ ਨਾਲ ਮੁਲਾਕਾਤ ਕਰਨਗੇ। ਪਿਛਲੇ ਸਾਲ ਮੈਡਰਿਡ ਵਿੱਚ ਹੋਈ ਸਿਖਰ ਵਾਰਤਾ ਵਿੱਚ ਨਾਟੋ ਆਗੂਆਂ ਨੇ ਭਾਈਵਾਲ ਮੁਲਕਾਂ ਅਤੇ ਯੂਰੋ-ਐਟਲਾਂਟਿਕ ਏਰੀਆ ਦੀ ਸਕਿਊਰਿਟੀ, ਸ਼ਾਂਤੀ ਤੇ ਸਥਿਰਤਾ ਲਈ ਰੂਸ ਨੂੰ ਖਤਰਾ ਦੱਸਿਆ ਸੀ। ਇਸ ਦੇ ਨਾਲ ਹੀ ਇਸ ਰੀਜਨ ਵਿੱਚ ਡਿਫੈਂਸ ਸਿਸਟਮ ਨੂੰ ਹੋਰ ਮਜ਼ਬੂਤ ਕਰਨ ਦਾ ਤਹੱਈਆ ਵੀ ਪ੍ਰਗਟਾਇਆ ਗਿਆ ਸੀ।

ਮਾਰਚ 2022 ਵਿੱਚ ਬਰੱਸਲਜ਼ ਵਿੱਚ ਮੀਟਿੰਗ ਤੋਂ ਬਾਅਦ ਸਾਰੇ ਨਾਟੋ ਆਗੂ ਇਸਟੋਨੀਆ, ਲੈਟਵੀਆ, ਲਿਥੂਆਨੀਆਂ ਤੇ ਪੋਲੈਂਡ ਤੋਂ ਇਲਾਵਾ ਬੁਲਗਾਰੀਆ, ਹੰਗਰੀ, ਰੋਮਾਨੀਆ ਤੇ ਸਲੋਵਾਕੀਆ ਦੇ ਪੂਰਬੀ ਹਿੱਸੇ ਵਿੱਚ ਚਾਰ ਨਵੇਂ ਮਲਟੀਨੈਸ਼ਨਲ ਬੈਟਲ ਗਰੁੱਪ ਤਾਇਨਾਤ ਕਰਨ ਲਈ ਸਹਿਮਤ ਹੋਏ ਸਨ। ਇਸ ਗੱਠਜੋੜ ਵੱਲੋਂ ਨਵਾਂ ਡਿਫੈਂਸ ਪਲੈਨ ਤਿਆਰ ਕੀਤਾ ਗਿਆ ਹੈ ਜਿਸ ਉੱਤੇ ਆਗੂਆਂ ਨੂੰ ਵਿਲਨੀਅਸ ਵਿੱਚ ਮਨਜ਼ੂਰੀ ਦੀ ਮੋਹਰ ਲਾਉਣ ਲਈ ਆਖਿਆ ਜਾਵੇਗਾ।

NOW HIRING !!!
ALLKIND INSURANCE
Life Insurance
Critical illness Ins
Travel & Visitor Ins
RESP & TFSA & RRSP
Super Visa Insurance
Mortgage Insurance
Disability Insurance
Funeral Insurance
SIMRAN SAINI
416.994.7272
www.allkindinsurance.com

# ਪ੍ਰੀਮੀਅਰਜ਼ ਦੀ ਹੋਣ ਵਾਲੀ ਮੀਟਿੰਗ ਵਿੱਚ ਹੈਲਥ ਕੇਅਰ ਦਾ ਮੁੱਦਾ ਭਾਰੂ ਰਹਿਣ ਦੀ ਸੰਭਾਵਨਾ



ਓਟਵਾ, 9 ਜੁਲਾਈ (ਪੋਸਟ ਬਿਊਰੋ) : ਪਿਛਲੀ ਵਾਰੀ ਜਦੋਂ ਕੈਨੇਡਾ ਦੇ ਪ੍ਰੀਮੀਅਰਜ਼ ਵੱਲੋਂ ਸਾਂਝੀ ਮੀਟਿੰਗ ਕੀਤੀ ਗਈ ਸੀ ਤਾਂ ਉਨ੍ਹਾਂ ਦਾ ਸਾਰਾ ਧਿਆਨ ਹਸਪਤਾਲਾਂ ਵਿੱਚ ਸਟਾਫ ਦੀ ਘਾਟ ਨੂੰ ਪੂਰਾ ਕਰਨ ਲਈ ਵੱਧ ਤਨਖਾਹਾਂ ਦੇਣ, ਹਸਪਤਾਲਾਂ ਦੇ ਐਮਰਜੰਸੀ ਰੂਮਜ਼ ਨੂੰ ਸਮੇਂ ਦੇ ਹਾਣ ਦਾ ਬਣਾਉਣ, ਸਰਜੀਕਲ ਬੈਕਲਾਗ ਪੂਰਾ ਕਰਨ ਤੇ ਹੈਲਥ ਵਰਕਰਜ਼ ਦੀ ਘਾਟ ਨੂੰ ਪੂਰਾ ਕਰਨ ਵੱਲ ਕੇਂਦਰਿਤ ਸੀ।

ਇਸ ਹਫਤੇ ਜਦੋਂ ਸਾਰੇ ਪ੍ਰੀਮੀਅਰ ਆਪਣੀ ਸਾਲਾਨਾ ਮੀਟਿੰਗ ਲਈ ਵਿਨੀਪੈਗ ਵਿੱਚ ਇੱਕਠੇ ਹੋਣਗੇ ਤਾਂ ਸਾਰਿਆਂ ਦਾ ਧਿਆਨ ਓਟਵਾ ਵੱਲੋਂ ਦਿੱਤੀ ਜਾਣ ਵਾਲੀ ਨਵੀਂ ਰਕਮ ਨੂੰ ਕਿਸ ਤਰ੍ਹਾਂ ਵਰਤਿਆ ਜਾਵੇ, ਇਸ ਉੱਤੇ ਕੇਂਦਰਿਤ ਹੋਵੇਗਾ। ਦੋ ਸਾਲਾਂ ਤੱਕ ਪ੍ਰੋਵਿੰਸਾਂ ਵੱਲੋਂ ਮੰਗ ਕੀਤੇ ਜਾਣ ਤੋਂ ਬਾਅਦ ਤੇ ਨਵੀਂ ਹੈਲਥ ਕੇਅਰ ਡੀਲ ਸਿਰੇ ਚੜ੍ਹਾਏ ਜਾਣ ਮਗਰੋਂ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਫਰਵਰੀ ਵਿੱਚ ਓਟਵਾ ਵਿੱਚ ਹੋਈ ਮੰਤਰੀਆਂ ਦੀ ਇਸ ਸਾਲ ਦੀ ਪਹਿਲੀ ਮੀਟਿੰਗ ਵਿੱਚ ਨਵੇਂ ਪੈਸੇ ਬਾਰੇ ਐਲਾਨ ਕਰਨ ਲਈ ਤਿਆਰ ਹੋਏ। ਉਸ ਸਮੇਂ ਟਰੂਡੋ ਵੱਲੋਂ ਪ੍ਰੋਵਿੰਸਾਂ ਲਈ 46 ਬਿਲੀਅਨ ਡਾਲਰ ਦੇਣ ਦਾ ਐਲਾਨ ਕੀਤਾ ਗਿਆ। ਪ੍ਰੋਵਿੰਸਾਂ ਵੱਲੋਂ ਭਾਵੇਂ ਵੱਧ ਮਾਲੀ ਮਦਦ ਮੰਗੀ ਗਈ ਸੀ ਪਰ ਫੈਡਰਲ ਸਰਕਾਰ ਵੱਲੋਂ ਮੁਹੱਈਆ ਕਰਵਾਈ ਜਾਣ ਵਾਲੀ ਇਸ ਰਕਮ ਨੂੰ ਸਵੀਕਾਰਨ ਤੋਂ ਇਲਾਵਾ ਪ੍ਰੋਵਿੰਸਾਂ ਕੋਲ ਹੋਰ ਕੋਈ ਚਾਰਾ ਨਹੀਂ ਸੀ ਬਚਿਆ।

ਕੈਨੇਡੀਅਨ ਮੈਡੀਕਲ ਐਸੋਸਿਏਸ਼ਨ ਦੀ ਚੁਣੀ ਗਈ ਪ੍ਰੈਜ਼ੀਡੈਂਟ ਡਾ. ਕੈਥਲੀਨ ਰੌਸ ਨੇ ਆਖਿਆ ਕਿ ਪ੍ਰੀਮੀਅਰਜ਼ ਦੀ ਮੀਟਿੰਗ ਵਿੱਚ ਹੈਲਥ ਮੁੱਖ ਏਜੰਡਾ ਹੋਣੀ ਚਾਹੀਦੀ ਹੈ। ਉਨ੍ਹਾਂ ਇੱਕ ਇੰਟਰਵਿਊ ਵਿੱਚ ਆਖਿਆ ਕਿ ਇਸ ਸਮੇਂ ਸਾਨੂੰ ਕਈ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਜਿਸ ਤਰ੍ਹਾਂ ਕੈਨੇਡਾ ਵਿੱਚ ਸਾਡੇ ਵੱਲੋਂ ਹੈਲਥ ਕੇਅਰ ਨੂੰ ਮੈਨੇਜ ਕੀਤਾ ਜਾਂਦਾ ਹੈ ਤੇ ਇਸ ਨੂੰ ਮੁਹੱਈਆ ਕਰਵਾਇਆ ਜਾਂਦਾ ਹੈ, ਸਾਨੂੰ ਉਸ ਨੂੰ ਬਦਲਣਾ ਹੋਵੇਗਾ। ਤਿੰਨ ਦਿਨ ਚੱਲਣ ਵਾਲੀ ਇਸ ਮੀਟਿੰਗ ਦੇ ਪਹਿਲੇ ਦਿਨ ਹੈਲਥ ਕੇਅਰ ਦਾ ਮੁੱਦਾ ਭਾਰੂ ਰਹਿਣ ਦੀ ਸੰਭਾਵਨਾ ਹੈ। ਇਸ ਮੀਟਿੰਗ ਵਿੱਚ ਆਰਥਿਕ ਮੁੱਦਿਆਂ ਦੇ ਨਾਲ ਨਾਲ ਅਫੋਰਡੇਬਿਲਿਟੀ ਦਾ ਮੁੱਦਾ ਵੀ ਏਜੰਡੇ ਉੱਤੇ ਹਨ।

# ਲੰਚ ਲੈਣ ਗਈ ਮਹਿਲਾ ਦੀ ਗੋਲੀ ਲੱਗਣ ਕਾਰਨ ਹੋਈ ਮੌਤ

## ਤਿੰਨ ਮਸ਼ਕੂਕਾਂ ਦੀ ਭਾਲ ਕਰ ਰਹੀ ਹੈ ਪੁਲਿਸ



ਟੋਰਾਂਟੋ, 9 ਜੁਲਾਈ (ਪੋਸਟ ਬਿਊਰੋ) : ਰੋਜ਼ ਵਾਂਗ ਆਪਣੇ ਘਰ ਦਾ ਮਾਮੂਲੀ ਕੰਮ ਕਰਨ ਲਈ ਘਰ ਤੋਂ ਬਾਹਰ ਨਿਕਲੀ ਮਹਿਲਾ ਦੀ ਗੋਲੀ ਲੱਗਣ ਕਾਰਨ ਮੌਤ ਹੋ ਗਈ। ਲੈਸਲੀਵਿੱਲ ਕਮਿਊਨਿਟੀ ਵੱਲੋਂ ਉਸ ਨੂੰ ਬਹੁਤ ਨੇਕਦਿਲ ਤੇ ਆਪਣੇ ਪਰਿਵਾਰ ਨੂੰ ਪਿਆਰ ਕਰਨ ਵਾਲੀ ਮਹਿਲਾ ਵਜੋਂ ਚੇਤੇ ਕੀਤਾ ਜਾ ਰਿਹਾ ਹੈ।

ਕੈਰੋਲੀਨਾ ਹਿਊਬਨਰ-ਮਾਕੂਰਾਤ, ਜਿਸ ਨੂੰ ਕੈਰੋਲੀਨ ਵਜੋਂ ਵੀ ਜਾਣਿਆ ਜਾਂਦਾ ਹੈ, ਸ਼ੁੱਕਰਵਾਰ ਨੂੰ ਦੁਪਹਿਰੇ 12:30 ਵਜੇ ਤੋਂ ਪਹਿਲਾਂ ਲੰਚ ਲੈਣ ਲਈ ਕੁਈਨ ਸਟਰੀਟ ਈਸਟ ਤੇ ਕਾਰਲਾਅ ਐਵਨਿਊ ਇਲਾਕੇ ਵਿੱਚ ਤੁਰੀ ਜਾ ਰਹੀ ਸੀ ਜਦੋਂ ਅਚਾਨਕ ਇੱਕ ਗੋਲੀ ਆ ਕੇ ਉਸ ਦੇ ਲੱਗੀ। ਦੋ ਬੱਚਿਆਂ ਦੀ ਇਸ 44 ਸਾਲਾ ਮਾਂ ਨੂੰ ਐਂਬੂਲੈਂਸ ਵਿੱਚ ਨੇੜਲੇ ਟਰੌਮਾ ਸੈਂਟਰ ਲਿਜਾਇਆ ਗਿਆ ਜਿੱਥੇ ਬਾਅਦ ਵਿੱਚ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ।

...ਬਾਕੀ ਪੰਨਾ 2 'ਤੇ

INSURANCE
Home / Auto / Business / Trucking / Life Insurance / Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

CANADA DAY SPECIAL
REGULAR DEAL $2,899
BLACK STAINLESS-STEEL PACKAGE $3,849
WASHER DRYER $1,699
LOCATIONS
ETOBICOKE 44 Fasken Dr, #2-9 Etobicoke, On M9W 5M8 (416) 792-0877
BRAMPTON Unit #1, 241 Clarence St Brampton, On L6W 3E7 (416) 551-3343
VAUGHAN 5781 Highway 7 Unit 10 Vaughan, On L4L 1T8 (416) 477-5556
OAKVILLE 1050 Speers Road Oakville, ON L6L 2X4 (416) 613-0555
LONDON Unit #4 -1540 Fanshawe Park Road West London, On N6H 5L8 (519) 641-1010
STONEY CREEK Unit #6 – 410 Lewis Road Stoney Creek, On L8E 5Y7 (905) 643-0818
416-551-5553
WWW.OURRHOMEAPPLIANCES.COM
~OURR HOME IN EVERY HOME~

Allstate. You're in good hands.
Insurance
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca
Trademark used under licence by Allstate Insurance Company. 232374 | 6-23

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca
topinsuranceservices.ca

Law Office of Aman Sharma
Real Estate - Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6 Brampton, ON, L6P 3W4
Aman Sharma
Open Saturday
Providing excellent quality legal services to our clients

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Axcel InsuranceBrokers Ltd.
1332 Khalsa Dr, Unit # 11, Mississauga, ON L5S 0A2

Canada Consumer Credit Assistance
ਕਰਜ਼ਾ ਰਹਿਤ ਜ਼ਿੰਦਗੀ ਜੀਓ
ਪਾਵਰ ਆਫ ਸੇਲ ਨੋਟਿਸ ?
ਗਾਰਨਿਸ਼ਮੈਂਟ?
ਬੈਂਕ ਵਲੋਂ ਪੈਸੇ ਦੀ ਮੰਗ ?
ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ
ਪਾ ਕੇ ਆਪਣਾ ਕਰੈਡਿਟ ਦੁਬਾਰਾ ਬਣਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available
1888 864 3131
Jasbir Singh Hundal Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

Royal Pest Control
Residential Commercial Industrial
Specialist in Bedbugs Service
All Pest Control :
Mouse & Rats / Spiders & Fleas / Bedbugs / Wasps / Cockroaches / Carpenter Ants / Silver Fish / Racoons
Call : PARESH PATEL (Government Approved Licensed Technician)
416 938 4598

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
Immigration / Real Estate
Family Law / Business Closing
Corporate / Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
905-362-0755

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
AvonFinancial Inc. Brokerage Lic. 12538
Cell: 416-841-4218 Tel: 905-216-5563
Harpreet Singh Goraya Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

CN Forklift Training Center
Counterbalance All Types / Walkie pallet Low Lift / Electric Motor Narrow Aisle Reach / Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

ਨਵਾਂ ਘਾਹ ਲਵਾਉ
647-784-1213
www.aaalandscaping.ca
1 ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2 ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3 ਨਵਾਂ ਘਾਹ ਲਵਾਉ
4 ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

MANN LAW FIRM
Real Estate Law / Business Law
Wills & Estates / Family Law
Power of Attorney / Civil Litigation
Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਕੈਲੀਫੋਰਨੀਆ 'ਚ ਲੈਂਡਿੰਗ ਤੋਂ ਪਹਿਲਾਂ ਜਹਾਜ਼ ਹਾਦਸਾਗ੍ਰਸਤ, 6 ਲੋਕਾਂ ਮੌਤ



ਕੈਲੀਫੋਰਨੀਆ, 9 ਜੁਲਾਈ (ਪੋਸਟ ਬਿਊਰੋ):ਕੈਲੀਫੋਰਨੀਆ ਦੇ ਹਵਾਈ ਅੱਡੇ ਨੇੜੇ ਇਕ ਛੋਟਾ ਜਹਾਜ਼ ਹਾਦਸਾਗ੍ਰਸਤ ਹੋ ਗਿਆ। ਹਾਦਸੇ ਕਾਰਨ ਜਹਾਜ਼ ਨੂੰ ਅੱਗ ਲੱਗ ਗਈ ਅਤੇ 6 ਲੋਕਾਂ ਦੀ ਮੌਤ ਹੋ ਗਈ। ਅਮਰੀਕ ਦੇ ਫੈਡਰਲ ਏਵੀਏਸ਼ਨ ਐਡਮਿਨਿਸਟ੍ਰੇਸ਼ਨ ਮੁਤਾਬਕ ਇਹ ਹਾਦਸਾ ਲਾਸ ਏਂਜਲਸ ਤੋਂ ਕਰੀਬ 130 ਕਿਲੋਮੀਟਰ ਦੱਖਣ-ਪੂਰਬ 'ਚ ਮੁਰੀਏਟਾ 'ਚ ਸਵੇਰੇ 4:15 ਵਜੇ ਵਾਪਰਿਆ। ਮ੍ਰਿਤਕਾਂ ਦੀ ਅਜੇ ਤੱਕ ਪਛਾਣ ਨਹੀਂ ਹੋ ਸਕੀ ਹੈ। ਇਸ ਹਾਦਸੇ ਦੀ ਸੂਚਨਾ ਮਿਲਦੇ ਹੀ ਫਾਇਰ ਬ੍ਰਿਗੇਡ ਦੀ ਟੀਮ ਮੌਕੇ 'ਤੇ ਪਹੁੰਚ ਗਈ। ਇਸ ਦੌਰਾਨ ਜਹਾਜ਼ 'ਚ ਲੱਗੀ ਅੱਗ ਨੂੰ ਬੁਝਾਉਣ 'ਚ 1 ਘੰਟੇ ਤੋਂ ਵੱਧ ਦਾ ਸਮਾਂ ਲੱਗਾ।

ਜਹਾਜ਼ ਹਾਦਸੇ ਦੀ ਜਾਂਚ ਯੂਐਸ ਫੈਡਰਲ ਸਿਵਲ ਏਵੀਏਸ਼ਨ ਵਿਭਾਗ ਅਤੇ ਰਾਸ਼ਟਰੀ ਆਵਾਜਾਈ ਸੁਰੱਖਿਆ ਬੋਰਡ ਦੀ ਟੀਮ ਦੁਆਰਾ ਕੀਤੀ ਜਾ ਰਹੀ ਹੈ। ਮੀਡੀਆ ਰਿਪੋਰਟ ਮੁਤਾਬਕ ਜਹਾਜ਼ ਲਾਸ ਵੇਗਾਸ ਤੋਂ ਕੈਲੀਫੋਰਨੀਆ ਜਾ ਰਿਹਾ ਸੀ। ਜਹਾਜ਼ ਨੇ ਲਾਸ ਵੇਗਾਸ ਹਵਾਈ ਅੱਡੇ ਤੋਂ ਸਵੇਰੇ 3:15 ਵਜੇ ਉਡਾਣ ਭਰੀ। ਜਹਾਜ਼ ਮੁਰੀਏਟਾ ਸ਼ਹਿਰ ਦੇ ਨੇੜੇ ਕਰੈਸ਼ ਹੋ ਗਿਆ। ਜਾਂਚਕਰਤਾਵਾਂ ਮੁਤਾਬਕ ਪਾਇਲਟ ਜਹਾਜ਼ ਨੂੰ ਲੈਂਡ ਕਰਨ ਦੀ ਕੋਸ਼ਿਸ਼ ਕਰ ਰਿਹਾ ਸੀ। ਪਰ ਇਸ ਦੌਰਾਨ ਚਾਰੇ ਪਾਸੇ ਧੁੰਦ ਛਾਈ ਹੋਈ ਸੀ। ਪਾਇਲਟ ਨੂੰ ਦੇਖਣ 'ਚ ਦਿੱਕਤ ਆ ਰਹੀ ਸੀ, ਜਿਸ ਕਾਰਣ ਹਾਦਸਾ ਹੋ ਗਿਆ।

# ਆਸਟ੍ਰੇਲੀਆ 'ਚ ਭਾਰਤੀ ਔਰਤ ਨੂੰ 8 ਸਾਲ ਤੱਕ ਗੁਲਾਮ ਰੱਖਿਆ ਗਿਆ, ਹੁਣ ਮੈਲਬੌਰਨ ਦੇ ਜੋੜੇ ਨੂੰ ਜੇਲ

ਮੈਲਬੌਰਨ, 9 ਜੁਲਾਈ (ਪੋਸਟ ਬਿਊਰੋ): ਆਸਟਰੇਲੀਆ ਦੇ ਮੈਲਬੌਰਨ ਵਿੱਚ ਇੱਕ ਜੋੜੇ ਨੇ ਇੱਕ ਭਾਰਤੀ ਔਰਤ ਨੂੰ ਅੱਠ ਸਾਲਾਂ ਤੱਕ ਆਪਣੇ ਘਰ ਵਿੱਚ ਗੁਲਾਮ ਬਣਾ ਕੇ ਰੱਖਿਆ, ਆਸਟਰੇਲੀਆਈ ਸੰਘੀ ਪੁਲਿਸ (ਏਐਫਪੀ) ਦੀ ਇੱਕ ਜਾਂਚ ਵਿੱਚ ਸਾਹਮਣੇ ਆਇਆ ਹੈ। ਜੋੜੇ ਦੀ ਪਛਾਣ 55 ਸਾਲਾ ਕੁਮੁਥਨੀ ਕੰਨਨ ਅਤੇ ਉਸ ਦੇ ਪਤੀ ਕੰਦਾਸਾਮੀ ਕੰਨਨ ਵਜੋਂ ਹੋਈ ਹੈ।

ਪੁਲਿਸ ਨੇ ਸ਼ਨੀਵਾਰ ਨੂੰ ਇੱਕ ਬਿਆਨ ਵਿੱਚ ਕਿਹਾ, ਕੁਮੁਥਿਨੀ ਕੰਨਨ ਅਤੇ ਉਸਦੇ ਪਤੀ ਕੰਦਾਸਾਮੀ ਕੰਨਨ ਨੂੰ ਪਹਿਲਾਂ 2007 ਅਤੇ 2015 ਦੇ ਵਿਚਕਾਰ ਉਨ੍ਹਾਂ ਦੇ ਮਾਉਂਟ ਵੇਵਰਲੀ ਘਰ ਵਿੱਚ ਇੱਕ ਔਰਤ ਜੋ ਹੁਣ 60 ਸਾਲਾਂ ਦੀ ਹੈ, ਨੂੰ ਗ਼ੁਲਾਮ ਬਣਾਉਣ ਲਈ ਦੋਸ਼ੀ ਠਹਿਰਾਇਆ ਗਿਆ ਸੀ ਅਤੇ ਸਜ਼ਾ ਸੁਣਾਈ ਗਈ ਸੀ।



ਕੁਮੁਥਿਨੀ ਨੂੰ ਪਹਿਲਾਂ ਗੁਲਾਮੀ ਦੇ ਅਪਰਾਧਾਂ ਲਈ ਚਾਰ ਸਾਲ ਦੀ ਗੈਰ-ਜ਼ਮਾਨਤੀ ਮਿਆਦ ਦੇ ਨਾਲ ਅੱਠ ਸਾਲ ਦੀ ਕੈਦ ਦੀ ਸਜ਼ਾ ਸੁਣਾਈ ਗਈ ਸੀ। ਇਸ ਦੇ ਨਾਲ ਹੀ ਉਹ ਜਨਵਰੀ 2026 ਵਿੱਚ ਪੈਰੋਲ ਲਈ ਯੋਗ ਹੋ ਜਾਵੇਗੀ। ਉਸ ਦੇ ਪਤੀ ਨੂੰ ਤਿੰਨ ਸਾਲ ਦੀ ਗੈਰ-ਜ਼ਮਾਨਤੀ ਮਿਆਦ ਦੇ ਨਾਲ ਛੇ ਸਾਲ ਦੀ ਕੈਦ ਦੀ ਸਜ਼ਾ ਸੁਣਾਈ ਗਈ ਸੀ। ਪੀੜਤ ਨੂੰ ਆਪਣੇ ਘਰ ਵਿੱਚ ਗੁਲਾਮ ਰੱਖਣ ਲਈ 2021 ਵਿੱਚ ਉਸ ਨੂੰ ਦੋਸ਼ੀ ਠਹਿਰਾਇਆ ਗਿਆ ਅਤੇ ਜੇਲ੍ਹ ਭੇਜ ਦਿੱਤਾ ਗਿਆ।

ਦੂਜੇ ਪਾਸੇ ਕੁਮੁਥਨੀ ਕੰਨਨ ਨੂੰ ਪੀੜਤਾ ਨੂੰ ਧਮਕੀਆਂ ਦੇਣ ਅਤੇ ਜਾਂਚ ਦੌਰਾਨ ਗਵਾਹੀ ਨਾ ਦੇਣ ਲਈ ਦਬਾਅ ਪਾਉਣ ਦੇ ਦੋਸ਼ ਹੇਠ ਢਾਈ ਸਾਲ ਦੀ ਵਾਧੂ ਕੈਦ ਦੀ ਸਜ਼ਾ ਸੁਣਾਈ ਗਈ ਹੈ। ਕੁਮੁਥਿਨੀ ਕੰਨਨ ਅਤੇ ਉਸ ਦੇ ਪਤੀ ਕੰਦਾਸਾਮੀ ਕੰਨਨ ਨੇ ਤਾਮਿਲਨਾਡੂ ਦੀ ਪੀੜਤਾ ਨੂੰ ਖਾਣਾ ਬਣਾਉਣ, ਸਫਾਈ ਕਰਨ ਅਤੇ ਆਪਣੇ ਬੱਚਿਆਂ ਦੀ ਦੇਖਭਾਲ ਕਰਦੇ ਸਮੇਂ ਅਸਥਾਈ ਸਥਿਤੀਆਂ ਵਿੱਚ ਰਹਿਣ ਲਈ ਮਜ਼ਬੂਰ ਕੀਤਾ। ਪੁਲਿਸ ਨੇ ਦੱਸਿਆ ਕਿ ਪੀੜਤਾ, ਜੋ ਹੁਣ ਸੱਠ ਸਾਲ ਦੀ ਹੈ, ਗੰਭੀਰ ਕੁਪੋਸ਼ਣ, ਸ਼ੂਗਰ ਅਤੇ ਪੈਰਾਂ ਅਤੇ ਹੱਥਾਂ ਵਿੱਚ ਗੈਂਗਰੀਨ ਕਾਰਨ ਹਸਪਤਾਲ ਵਿੱਚ ਭਰਤੀ ਸੀ। ਸਥਾਨਕ ਮੀਡੀਆ ਰਿਪੋਰਟਾਂ ਦੇ ਅਨੁਸਾਰ, ਬਜ਼ੁਰਗ ਔਰਤ ਦਾ ਸ਼ੋਸ਼ਣ ਕੀਤਾ ਗਿਆ ਕਿਉਂਕਿ ਉਸਦਾ ਪਰਿਵਾਰ ਭਾਰਤ ਵਿੱਚ ਸੀ, ਅੰਗਰੇਜ਼ੀ ਨਹੀਂ ਬੋਲਦੀ ਸੀ ਅਤੇ ਕੰਨਨ ਨੇ ਉਸਦਾ ਪਾਸਪੋਰਟ ਖੋਹ ਲਿਆ ਸੀ।

## ਅੱਜ ਨਾਮਾ

ਪੈਂਦੀ ਪਈ ਹੜ੍ਹਾਂ ਦੀ ਮਾਰ ਪੰਜਾਬ ਅੰਦਰ,
ਦਿੱਲੀ ਅੰਦਰ ਵੀ ਚੰਗੇ ਨਹੀਂ ਹਾਲ ਭਾਈ।
ਹਰ ਥਾਂ ਪਾਣੀ ਦੇ ਪਏ ਨੇ ਵਹਿਣ ਵਗਦੇ,
ਝੱਲਣੀ ਔਖੀ ਹੈ ਲਹਿਰ ਦੀ ਝਾਲ ਭਾਈ।
ਝੱਲਦੀ ਪਾਣੀ ਨਹੀਂ ਝੀਲ ਆ ਭਾਖੜਾ ਦੀ,
ਜਿਹੜੀ ਅਸਲ ਪੰਜਾਬ ਲਈ ਢਾਲ ਭਾਈ।
ਸਤਲੁਜ, ਰਾਵੀ, ਬਿਆਸ ਨਾ ਜਾਣ ਝੱਲੇ,
ਮੀਲਾਂ-ਮੀਲ ਪਏ ਬਣੇ ਹਨ ਤਾਲ ਭਾਈ।
ਘੜੀ ਔਖੀ ਅੱਜ ਆਈ ਆ ਸਾਰਿਆਂ'ਤੇ,
ਆਪਸ ਵਿੱਚ ਸਭ ਕਰੋ ਇਮਦਾਦ ਭਾਈ।
ਔਖੇ-ਸੌਖੇ ਇਹ ਸਮਾਂ ਤਾਂ ਗੁਜ਼ਰ ਜਾਣਾ,
ਨਿਭਦੀ ਸਾਂਝ ਹੈ ਰਹਿੰਦੜੀ ਯਾਦ ਭਾਈ।

ਤੀਸ ਮਾਰ ਖਾਂ

# ਲੰਚ ਲੈਣ ਗਈ ਮਹਿਲਾ ਦੀ ਗੋਲੀ ਲੱਗਣ ਕਾਰਨ ਹੋਈ ਮੌਤ

ਪੰਨਾ 1 ਦਾ ਬਾਕੀ

ਉਸ ਦੇ ਦੋਸਤਾਂ ਵੱਲੋਂ GoFundMe page ਕਾਇਮ ਕੀਤਾ ਗਿਆ ਹੈ। ਇਸ ਉੱਤੇ ਪਾਈ ਗਈ ਪੋਸਟ ਵਿੱਚ ਆਖਿਆ ਗਿਆ ਹੈ ਕਿ ਕੈਰੋਲੀਨਾ ਦੀਆਂ ਦੋ ਧੀਆਂ ਹਨ, ਜਿਨ੍ਹਾਂ ਦੀ ਉਮਰ 7 ਤੇ 4 ਸਾਲ ਹੈ, ਜਿਨ੍ਹਾਂ ਲਈ ਐਨੀ ਨਿੱਕੀ ਉਮਰ ਵਿੱਚ ਮਾਂ ਦੀ ਮੌਤ ਸਹਾਰਨੀ ਕਿੰਨੀ ਔਖੀ ਹੈ। ਕੈਰੋਲੀਨਾ ਬਹੁਤ ਹੀ ਪਿਆਰ ਕਰਨ ਵਾਲੀ ਮਹਿਲਾ ਸੀ, ਉਹ ਆਪਣੇ ਪਰਿਵਾਰ ਉੱਤੇ ਦਿਲ ਜਾਨ ਛਿੜਕਦੀ ਸੀ। ਬੱਚਿਆਂ ਨੂੰ ਬਿਹਤਰੀਨ ਜ਼ਿੰਦਗੀ ਦੇਣ ਲਈ ਉਹ ਦਿਨ ਰਾਤ ਮਿਹਨਤ ਕਰ ਰਹੀ ਸੀ।

ਇਸ ਦੌਰਾਨ ਪੁਲਿਸ ਵੱਲੋਂ ਸ਼ੁੱਕਰਵਾਰ ਨੂੰ ਲੈਸਲੀਵਿੱਲ ਵਿੱਚ ਦਿਨ ਦਹਾੜੇ ਚੱਲੀ ਗੋਲੀ ਦੇ ਮਾਮਲੇ ਵਿੱਚ ਟੋਰਾਂਟੋ ਪੁਲਿਸ ਵੱਲੋਂ ਤਿੰਨ ਵਿਅਕਤੀਆਂ ਦਾ ਵੇਰਵਾ ਜਾਰੀ ਕੀਤਾ ਗਿਆ ਹੈ ਜਿਨ੍ਹਾਂ ਦੀ ਭਾਲ ਪੁਲਿਸ ਵੱਲੋਂ ਕੀਤੀ ਜਾ ਰਹੀ ਹੈ। ਜ਼ਿਕਰਯੋਗ ਹੈ ਕਿ ਇਨ੍ਹਾਂ ਵਿਅਕਤੀਆਂ ਵੱਲੋਂ ਇੱਕ ਦੂਜੇ ਉੱਤੇ ਚਲਾਈ ਗਈ ਗੋਲੀ ਕਾਰਨ ਹੀ ਕੈਰੋਲੀਨਾਂ ਦੀ ਮੌਤ ਹੋਈ। ਪੁਲਿਸ ਨੇ ਦੱਸਿਆ ਕਿ ਸ਼ੁੱਕਰਵਾਰ ਨੂੰ ਦੁਪਹਿਰੇ 12:30 ਵਜੇ ਤੋਂ ਪਹਿਲਾਂ ਕੁਈਨ ਸਟਰੀਟ ਈਸਟ ਤੇ ਕਾਰਲਾਅ ਐਵਨਿਊ ਇਲਾਕੇ ਵਿੱਚ ਇਨ੍ਹਾਂ ਤਿੰਨ ਵਿਅਕਤੀਆਂ ਵਿੱਚ ਕਿਸੇ ਗੱਲ ਨੂੰ ਲੈ ਕੇ ਤਕਰਾਰ ਚੱਲ ਰਹੀ ਸੀ ਤੇ ਫਿਰ ਇਨ੍ਹਾਂ ਵਿੱਚ ਹੱਥੋਪਾਈ ਸ਼ੁਰੂ ਹੋ ਗਈ ਜਦੋਂ ਤਿੰਨਾਂ ਵਿੱਚੋਂ ਦੋ ਨੇ ਹੈਂਡਗੰਨਜ਼ ਕੱਢ ਲਈਆਂ ਤੇ ਇੱਕ ਦੂਜੇ ਉੱਤੇ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ।

ਇਸ ਦੌਰਾਨ ਹੀ ਕੈਰੋਲੀਨਾ ਉਸ ਇਲਾਕੇ ਵਿੱਚੋਂ ਲੰਚ ਲੈਣ ਲਈ ਲੰਘ ਰਹੀ ਸੀ ਜਦੋਂ ਇੱਕ ਗੋਲੀ ਆ ਕੇ ਉਸ ਨੂੰ ਲੱਗੀ ਤੇ ਬਾਅਦ ਵਿੱਚ ਟਰੌਮਾ ਸੈਂਟਰ ਵਿੱਚ ਉਸ ਦੀ ਮੌਤ ਹੋ ਗਈ। ਐਤਵਾਰ ਨੂੰ ਪੁਲਿਸ ਵੱਲੋਂ ਇਨ੍ਹਾਂ ਤਿੰਨ ਮਸ਼ਕੂਕਾਂ ਦੀਆਂ ਤਸਵੀਰਾਂ ਵੀ ਜਾਰੀ ਕੀਤੀਆਂ ਗਈ। ਇੱਕ ਵਿਅਕਤੀ 25 ਤੋਂ 30 ਸਾਲ ਦਰਮਿਆਨ ਹੈ, ਜਿਸ ਦੀ ਕੱਦ-ਕਾਠੀ ਲੰਮੀਂ ਤੇ ਦਰਮਿਆਨੀ ਹੈ। ਉਸ ਨੂੰ ਆਖਰੀ ਵਾਰੀ ਚਿੱਟੇ ਰੰਗ ਦੀ ਟੀ-ਸ਼ਰਟ, ਜਿਸ ਦੀਆਂ ਬਾਹਾਂ ਉੱਤੇ ਕਾਲੀਆਂ ਧਾਰੀਆਂ ਸਨ, ਨੀਲੀ ਜੀਨਜ਼ ਤੇ ਚਿੱਟੇ ਜੁੱਤੇ ਪਾਇਆਂ ਵੇਖਿਆ ਗਿਆ। ਪੁਲਿਸ ਨੇ ਦੱਸਿਆ ਕਿ ਉਸ ਦੇ ਸਿਰ ਵਿੱਚ ਸੱਟ ਲੱਗੀ ਹੋ ਸਕਦੀ ਹੈ।

ਦੂਜਾ ਵਿਅਕਤੀ 18 ਤੋਂ 25 ਸਾਲ ਦਰਮਿਆਨ ਦੀ ਉਮਰ ਦਾ ਹੈ, ਜਿਸ ਦਾ ਕੱਦ ਔਸਤਨ ਹੈ ਤੇ ਉਹ ਪਤਲਾ ਹੈ, ਉਸ ਦੇ ਵਾਲ ਲੰਮੇਂ ਹਨ ਤੇ ਉਹ ਪੋਨੀਟੇਲ ਕਰਦਾ ਹੈ। ਉਸ ਨੂੰ ਆਖਰੀ ਵਾਰੀ ਕਾਲੇ ਰੰਗ ਦੀ ਬੇਸਬਾਲ ਹੈਟ, ਕਾਲੇ ਰੰਗ ਦੀ ਨੌਰਥ ਫੇਸ ਹੁਡੀ, ਕਾਲੇ ਰੰਗ ਦੀ ਜੀਨਜ਼ ਤੇ ਚਿੱਟੇ ਜੁੱਤੇ ਪਾਇਆਂ ਵੇਖਿਆ ਗਿਆ। ਤੀਜੇ ਵਿਅਕਤੀ ਦੀ ਉਮਰ 18 ਤੋਂ 25 ਸਾਲ ਦਰਮਿਆਨ ਦੱਸੀ ਜਾਂਦੀ ਹੈ, ਉਹ ਪਤਲਾ ਤੇ ਦਰਮਿਆਨੀ ਕੱਦ ਕਾਠੀ ਵਾਲਾ ਹੈ। ਉਸ ਨੂੰ ਆਖਰੀ ਵਾਰੀ ਗ੍ਰੇਅ ਰੰਗ ਦੀ ਹੁਡੀ, ਕਾਲੀ ਪੈਂਟ ਤੇ ਕਾਲੇ ਜੁੱਤੇ ਪਾਇਆਂ ਵੇਖਿਆ ਗਿਆ। ਪੁਲਿਸ ਨੇ ਇੱਕ ਰਲੀਜ਼ ਵਿੱਚ ਆਖਿਆ ਕਿ ਮਸ਼ਕੂਕ ਹਥਿਆਰਬੰਦ ਤੇ ਖਤਰਨਾਕ ਹੋ ਸਕਦੇ ਹਨ। ਇਸ ਲਈ ਸਾਰਿਆਂ ਨੂੰ ਚੌਕਸ ਰਹਿਣ ਲਈ ਆਖਿਆ ਗਿਆ ਹੈ ਤੇ ਲੋੜ ਪੈਂਦਿਆਂ ਸਾਰ 911 ਉੱਤੇ ਕਾਲ ਕਰਨ ਲਈ ਆਖਿਆ ਗਿਆ ਹੈ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC Member
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਪਾਕਿਸਤਾਨ ਦੇ ਪੰਜਾਬ ’ਚ ਗੈਸ ਸਿਲੰਡਰ ਫਟਣ ਨਾਲ ਇਮਾਰਤ ਡਿੱਗੀ, ਛੇ ਦੀ ਮੌਤ, 10 ਜ਼ਖਮੀ



ਜੇਹਲਮ, 9 ਜੁਲਾਈ (ਪੋਸਟ ਬਿਊਰੋ): ਪਾਕਿਸਤਾਨ ਦੇ ਪੰਜਾਬ ਸੂਬੇ 'ਚ ਐਤਵਾਰ ਨੂੰ ਗੈਸ ਸਿਲੰਡਰ ਫਟਣ ਕਾਰਨ ਤਿੰਨ ਮੰਜ਼ਿਲਾ ਇਮਾਰਤ ਢਹਿ ਗਈ। ਇਸ ਹਾਦਸੇ 'ਚ ਘੱਟੋ-ਘੱਟ 6 ਲੋਕਾਂ ਦੀ ਮੌਤ ਹੋ ਗਈ ਅਤੇ 10 ਹੋਰ ਜ਼ਖਮੀ ਹੋ ਗਏ।

ਜੇਹਲਮ ਦੇ ਡਿਪਟੀ ਕਮਿਸ਼ਨਰ ਸਮੀਉਲਾ ਫਾਰੂਕ ਦੇ ਹਵਾਲੇ ਨਾਲ ਸਥਾਨਕ ਮੀਡੀਆ ਨੇ ਕਿਹਾ ਕਿ ਛੇ ਲੋਕਾਂ ਦੀ ਮੌਤ ਦੀ ਪੁਸ਼ਟੀ ਕੀਤੀ ਗਈ ਹੈ, ਜਦੋਂ ਕਿ 10 ਜ਼ਖਮੀਆਂ ਨੂੰ ਬਾਹਰ ਕੱਢਿਆ ਗਿਆ ਹੈ। ਸਾਰਿਆਂ ਨੂੰ ਇਲਾਜ ਲਈ ਹਸਪਤਾਲ 'ਚ ਭਰਤੀ ਕਰਵਾਇਆ ਗਿਆ ਹੈ। ਬਚਾਅ ਕਾਰਜ ਜਾਰੀ ਹਨ। ਮਲਬੇ ਹੇਠ ਚਾਰ ਤੋਂ ਪੰਜ ਲੋਕ ਦੱਬੇ ਹੋ ਸਕਦੇ ਹਨ।

ਜਾਣਕਾਰੀ ਮੁਤਾਬਕ ਇਹ ਧਮਾਕਾ ਐਤਵਾਰ ਸਵੇਰੇ ਕਰੀਬ 9:45 ਵਜੇ ਹੋਇਆ। ਸੂਚਨਾ ਮਿਲਦੇ ਹੀ ਬਚਾਅ ਟੀਮ ਮੌਕੇ 'ਤੇ ਪਹੁੰਚ ਗਈ। ਵਧੀਕ ਡਿਪਟੀ ਕਮਿਸ਼ਨਰ ਹਸਨ ਤਾਰਿਕ ਨੇ ਦੱਸਿਆ ਕਿ ਜੇਹਲਮ ਜ਼ਿਲ੍ਹਾ ਹੈੱਡਕੁਆਰਟਰ ਹਸਪਤਾਲ ਵਿੱਚ ਸਾਰੇ ਸੀਨੀਅਰ ਡਾਕਟਰ ਅਤੇ ਸਟਾਫ਼ ਮੌਜੂਦ ਹੈ। ਇੱਕ ਗੰਭੀਰ ਜ਼ਖਮੀ ਮਰੀਜ਼ ਨੂੰ ਰਾਵਲਪਿੰਡੀ ਦੇ ਹੋਲੀ ਫੈਮਿਲੀ ਹਸਪਤਾਲ ਵਿੱਚ ਰੈਫਰ ਕੀਤਾ ਗਿਆ ਹੈ।

ਜੇਹਲਮ ਪੁਲਿਸ ਅਨੁਸਾਰ ਮਲਬੇ ਨੂੰ ਹਟਾਉਣ ਲਈ ਭਾਰੀ ਮਸ਼ੀਨਰੀ ਦੀ ਵਰਤੋਂ ਕੀਤੀ ਜਾ ਰਹੀ ਹੈ। ਜ਼ਿਲ੍ਹਾ ਹੈੱਡਕੁਆਰਟਰ ਹਸਪਤਾਲ ਵਿੱਚ ਸਮੁੱਚੇ ਸਟਾਫ਼ ਅਤੇ ਡਾਕਟਰਾਂ ਨੂੰ ਡਿਊਟੀ ’ਤੇ ਬੁਲਾਇਆ ਗਿਆ ਹੈ। ਇਸ ਤੋਂ ਇੱਕ ਦਿਨ ਪਹਿਲਾਂ ਪੰਜਾਬ ਦੇ ਸਰਗੋਧਾ ਜ਼ਿਲ੍ਹੇ ਵਿੱਚ ਇੱਕ ਵਾਹਨ ਦਾ ਗੈਸ ਸਿਲੰਡਰ ਫਟਣ ਨਾਲ ਸੱਤ ਲੋਕਾਂ ਦੀ ਮੌਤ ਹੋ ਗਈ ਸੀ। ਇਸ ਦੌਰਾਨ 14 ਹੋਰ ਲੋਕ ਵੀ ਜ਼ਖਮੀ ਹੋ ਗਏ।

# ਦਿੱਲੀ ’ਚ ਮੀਂਹ ਨਾਲ ਟੁੱਟਿਆ 41 ਸਾਲਾਂ ਦਾ ਰਿਕਾਰਡ, ਮੰਤਰੀਆਂ ਤੇ ਸੰਸਦ ਮੈਂਬਰਾਂ ਦੇ ਘਰਾਂ ’ਚ ਵੀ ਵੜਿਆ ਪਾਣੀ



ਨਵੀਂ ਦਿਲੀ, 9 ਜੁਲਾਈ (ਪੋਸਟ ਬਿਊਰੋ): ਦਿਲੀ ਵਿੱਚ ਪਿਛਲੇ ਦੋ ਦਿਨਾਂ ਤੋਂ ਭਾਰੀ ਮੀਂਹ ਪੈ ਰਿਹਾ ਹੈ। ਮੀਂਹ ਨੇ ਪਿਛਲੇ 41 ਸਾਲਾਂ ਦਾ ਰਿਕਾਰਡ ਤੋੜ ਦਿੱਤਾ ਹੈ। ਸੜਕਾਂ ਨਦੀਆਂ ਬਣ ਗਈਆਂ ਲੱਗਦੀਆਂ ਹਨ। ਗੱਡੀਆਂ ਡੁੱਬ ਗਈਆਂ ਹਨ। ਪਾਣੀ ਘਰਾਂ ਵਿੱਚ ਵੜ ਗਿਆ ਹੈ। ਪਾਣੀ ਆਮ ਲੋਕਾਂ ਦੇ ਘਰਾਂ ਵਿੱਚ ਹੀ ਨਹੀਂ ਸਗੋਂ ਸੰਸਦ ਮੈਂਬਰਾਂ, ਵਿਧਾਇਕਾਂ ਅਤੇ ਮੰਤਰੀਆਂ ਦੇ ਘਰਾਂ ਵਿੱਚ ਵੀ ਪਹੁੰਚ ਗਿਆ ਹੈ। ਕਈ ਥਾਵਾਂ 'ਤੇ ਪਾਣੀ ਦਾ ਪੱਧਰ ਗੋਡਿਆਂ ਤੱਕ ਪਹੁੰਚ ਗਿਆ ਹੈ। ਬਾਰਸ਼ ਤੋਂ ਪਹਿਲਾਂ ਦਿਲੀ ਸਰਕਾਰ ਅਤੇ ਐਮਸੀਡੀ ਨੇ ਕਿਹਾ ਸੀ ਕਿ ਇਸ ਵਾਰ ਬਾਰਸ਼ ਨਾਲ ਨਜਿੱਠਣ ਲਈ ਦਿਲੀ ਪੂਰੀ ਤਰ੍ਹਾਂ ਤਿਆਰ ਹੈ, ਪਰ ਮਾਨਸੂਨ ਦੇ ਆਉਂਦੇ ਹੀ ਸੱਚਾਈ ਸਾਹਮਣੇ ਆ ਗਈ।

ਐਤਵਾਰ ਨੂੰ ਭਾਰਤੀ ਮੌਸਮ ਵਿਗਿਆਨ ਕੇਂਦਰ ਨੇ ਕਿਹਾ ਕਿ ਰਾਜਧਾਨੀ ਵਿੱਚ ਐਤਵਾਰ, 9 ਜੁਲਾਈ ਨੂੰ ਸਵੇਰੇ 8 ਵਜੇ ਤੱਕ 153 ਮਿਲੀਮੀਟਰ ਮੀਂਹ ਰਿਕਾਰਡ ਕੀਤਾ ਗਿਆ। ਇਸ ਦੇ ਨਾਲ ਹੀ ਪਿਛਲੇ 33 ਘੰਟਿਆਂ 'ਚ 258.8 ਮਿਲੀਮੀਟਰ ਤੋਂ ਵੱਧ ਬਾਰਿਸ਼ ਹੋਈ ਹੈ। ਇਸ ਦੇ ਨਾਲ ਹੀ ਆਈਐਮਡੀ ਨੇ ਸੋਮਵਾਰ 10 ਜੁਲਾਈ ਨੂੰ ਦਿਲੀ 'ਚ ਬਾਰਿਸ਼ ਲਈ ਔਰੇਂਜ ਅਲਰਟ ਵੀ ਜਾਰੀ ਕੀਤਾ ਹੈ। ਮੌਸਮ ਵਿਭਾਗ ਅਨੁਸਾਰ ਸ਼ਾਮ 5:30 ਵਜੇ ਤੱਕ ਲੋਧੀ ਰੋਡ ਇਲਾਕੇ ਵਿੱਚ ਸਭ ਤੋਂ ਵੱਧ 116.1 ਮਿਲੀਮੀਟਰ ਮੀਂਹ ਦਰਜ ਕੀਤਾ ਗਿਆ। ਜਦੋਂ ਕਿ ਸਫਦਰਜੰਗ ਖੇਤਰ ਵਿੱਚ 106 ਮਿਲੀਮੀਟਰ ਮੀਂਹ ਦਰਜ ਕੀਤਾ ਗਿਆ।

ਬਾਰਿਸ਼ ਕਾਰਨ ਜਿੱਥੇ ਕਈ ਲੋਕ ਪ੍ਰੇਸ਼ਾਨ ਹਨ, ਉੱਥੇ ਹੀ ਪੂਰੀ ਦਿੱਲੀ 'ਚ ਸੜਕ 'ਤੇ ਜਮ੍ਹਾ ਪਾਣੀ 'ਚ ਬੱਚੇ ਖੇਡਦੇ ਨਜ਼ਰ ਆ ਰਹੇ ਹਨ। ਉਹ ਜਮ੍ਹਾ ਹੋਏ ਪਾਣੀ ਵਿੱਚ ਖੂਬ ਮਸਤੀ ਕਰ ਰਹੇ ਹਨ। ਅਤੇ ਕਈ ਇਲਾਕਿਆਂ ਵਿੱਚ ਤਾਂ ਕੰਧਾਂ ਵੀ ਢਹਿ ਗਈਆਂ ਹਨ। ਸਥਿਤੀ ਵਿਗੜਦੀ ਦੇਖ ਕੇ ਮੁੱਖ ਮੰਤਰੀ ਨੇ ਆਪਣੇ ਮੰਤਰੀਆਂ ਨੂੰ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰਕੇ ਸਥਿਤੀ ਦਾ ਜਾਇਜ਼ਾ ਲੈਣ ਅਤੇ ਸਥਿਤੀ ਨੂੰ ਸੁਧਾਰਨ ਲਈ ਕਿਹਾ ਹੈ। ਜਿਸ ਤੋਂ ਬਾਅਦ ਲੋਕ ਨਿਰਮਾਣ ਮੰਤਰੀ ਆਤਿਸ਼ੀ ਸਵੇਰ ਤੋਂ ਹੀ ਸੜਕਾਂ 'ਤੇ ਨਜ਼ਰ ਆਏ।

# ਕੇਰਲ ’ਚ 90 ਫੁੱਟ ਡੂੰਘੇ ਖੂਹ ’ਚ ਫਸਿਆ ਵਿਅਕਤੀ, ਦੋ ਦਿਨਾਂ ਤੋਂ ਬਚਾਅ ਕਾਰਜ ਜਾਰੀ



ਤਿਰੂਵਨੰਤਪੁਰਮ, 9 ਜੁਲਾਈ (ਪੋਸਟ ਬਿਊਰੋ): ਕੇਰਲ ਦੇ ਤਿਰੂਵਨੰਤਪੁਰਮ 'ਚ ਵਿਜਿੰਜਮ ਮੁਕੋਲਾ ਇਲਾਕੇ 'ਚ ਇਕ ਵਿਅਕਤੀ 90 ਫੁੱਟ ਡੂੰਘੇ ਖੂਹ 'ਚ ਫਸਿਆ ਹੋਇਆ ਹੈ। ਉਸ ਨੂੰ ਬਾਹਰ ਕੱਢਣ ਲਈ ਪੁਲਸ ਅਤੇ ਅੱਗ ਬੁਝਾਊ ਦਲ ਦੀ ਟੀਮ ਪਿਛਲੇ ਦੋ ਦਿਨਾਂ ਤੋਂ ਬਚਾਅ ਮੁਹਿੰਮ ਚਲਾ ਰਹੀ ਹੈ। ਪੁਲਿਸ ਅਤੇ ਲੋਕਾਂ ਤੋਂ ਮਿਲੀ ਜਾਣਕਾਰੀ ਦੇ ਅਨੁਸਾਰ ਮੁਰੰਮਤ ਦੌਰਾਨ ਉਹ ਵਿਜਿੰਜਮ ਦੇ ਕੋਲ ਇੱਕ ਖੂਹ ਵਿੱਚ ਫਸ ਗਿਆ ਸੀ ਜਦੋਂ ਇਹ ਮੁਰੰਮਤ ਦੌਰਾਨ ਡਿੱਗ ਗਿਆ ਸੀ।

ਖਬਰਾਂ ਮੁਤਾਬਕ ਖੂਹ 'ਚ ਫਸਣ ਵਾਲੇ ਵਿਅਕਤੀ ਦਾ ਨਾਂ ਮਹਾਰਾਜਨ ਹੈ ਅਤੇ ਉਹ ਮੂਲ ਰੂਪ 'ਚ ਤਾਮਿਲਨਾਡੂ ਦਾ ਰਹਿਣ ਵਾਲਾ ਹੈ, ਜੋ ਕਈ ਸਾਲਾਂ ਤੋਂ ਤਿਰੂਵਨੰਤਪੁਰਮ ਦੇ ਵਿਜਿੰਜਮ 'ਚ ਰਹਿ ਰਿਹਾ ਸੀ। ਸ਼ੁੱਕਰਵਾਰ ਸਵੇਰੇ ਕਰੀਬ ਨੌਂ ਵਜੇ ਉਹ ਖੂਹ ਅੰਦਰ ਛੱਲੇ ਲਗਾਉਣ ਲਈ ਹੇਠਾਂ ਉਤਰਿਆ। ਜਦੋਂ ਉਹ ਆਪਣਾ ਕੰਮ ਕਰ ਰਿਹਾ ਸੀ ਤਾਂ ਖੂਹ ਦੀ ਕੰਧ ਡਿੱਗ ਗਈ ਅਤੇ ਉਹ ਉਸ ਵਿੱਚ ਫਸ ਗਿਆ। ਸ਼ੁਰੂਆਤ 'ਚ ਰੱਸੀ ਨਾਲ ਖੂਹ 'ਚ ਉਤਰ ਕੇ ਮਿੱਟੀ ਕੱਢਣ ਦੀ ਕੋਸ਼ਿਸ਼ ਕੀਤੀ ਗਈ ਪਰ ਜਦੋਂ ਗੱਲ ਨਾ ਬਣੀ ਤਾਂ ਪੁਲਸ ਨੂੰ ਸੂਚਨਾ ਦਿੱਤੀ ਗਈ। ਪੁਲਸ ਨੇ ਦੱਸਿਆ ਕਿ ਉਨ੍ਹਾਂ ਨੂੰ ਸ਼ੁੱਕਰਵਾਰ ਸਵੇਰੇ ਕਰੀਬ 9:30 ਵਜੇ ਘਟਨਾ ਦੀ ਸੂਚਨਾ ਮਿਲੀ। ਇਸ ਤੋਂ ਬਾਅਦ ਮਹਾਰਾਜਨ ਨੂੰ ਕੱਢਣ ਲਈ ਬਚਾਅ ਕਾਰਜ ਸ਼ੁਰੂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਵਿਜਿੰਜਾਮ ਪੁਲਿਸ, ਫਾਇਰ ਬ੍ਰਿਗੇਡ ਕਰਮਚਾਰੀ ਅਤੇ ਸਥਾਨਕ ਲੋਕ ਇਸ ਸਮੇਂ ਖੂਹ ਤੋਂ ਚਿੱਕੜ ਹਟਾਉਣ ਦੀ ਕੋਸ਼ਿਸ਼ ਕਰ ਰਹੇ ਹਨ ਤਾਂ ਜੋ ਮਹਾਰਾਜਨ ਨੂੰ ਬਚਾਇਆ ਜਾ ਸਕੇ।

# ਪੰਜਾਬ ਦੇ ਕੈਬਨਿਟ ਮੰਤਰੀਆਂ ਵੱਲੋਂ ਰਾਹਤ ਕਾਰਜਾਂ ਦਾ ਜਾਇਜ਼ਾ ਲੈਣ ਲਈ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਦੌਰਾ

*** ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਪੰਜਾਬ ਸਰਕਾਰ ਵੱਲੋਂ ਪੁਖਤਾ ਪ੍ਰਬੰਧ**



ਚੰਡੀਗੜ੍ਹ, 9 ਜੁਲਾਈ (ਪੋਸਟ ਬਿਊਰੋ): ਪੰਜਾਬ ਅਤੇ ਹਿਮਾਚਲ ਪ੍ਰਦੇਸ਼ ਵਿੱਚ ਭਾਰੀ ਮੀਂਹ ਦੇ ਮੱਦੇਨਜ਼ਰ ਸੂਬੇ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਦੀ ਸਥਿਤੀ ਦਾ ਤੁਰੰਤ ਜਾਇਜ਼ਾ ਲੈਣ ਸਬੰਧੀ ਮੁੱਖ ਮੰਤਰੀ ਭਗਵੰਤ ਮਾਨ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਮਾਲ, ਮੁੜ ਵਸੇਬਾ ਅਤੇ ਆਫ਼ਤ ਪ੍ਰਬੰਧਨ ਮੰਤਰੀ ਬ੍ਰਮ ਸ਼ੰਕਰ ਜਿੰਪਾ, ਬਿਜਲੀ ਅਤੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ ਅਤੇ ਸਿਹਤ ਮੰਤਰੀ ਡਾ: ਬਲਬੀਰ ਸਿੰਘ ਵੱਲੋਂ ਸੂਬੇ ਦੇ ਵੱਖ-ਵੱਖ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰਕੇ ਸਥਿਤੀ ਅਤੇ ਚੱਲ ਰਹੀਆਂ ਰਾਹਤ ਗਤੀਵਿਧੀਆਂ ਦਾ ਜਾਇਜ਼ਾ ਲਿਆ ਗਿਆ।

ਪੰਜਾਬ ਸਰਕਾਰ ਦੇ ਬੁਲਾਰੇ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸੂਬੇ ਦੇ ਮੰਤਰੀਆਂ, ਵਿਧਾਇਕਾਂ ਅਤੇ ਅਧਿਕਾਰੀਆਂ ਨੂੰ ਭਾਰੀ ਬਰਸਾਤ ਕਾਰਨ ਪੈਦਾ ਹੋਣ ਵਾਲੀ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਤਿਆਰ ਰਹਿਣ ਦੇ ਨਿਰਦੇਸ਼ ਦਿੱਤੇ ਗਏ ਹਨ ਅਤੇ ਪੰਜਾਬ ਸਰਕਾਰ ਵੱਲੋਂ ਇਸ ਸਬੰਧੀ ਪੁਖਤਾ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਹਦਾਇਤਾਂ ਦੀ ਪਾਲਣਾ ਕਰਦਿਆਂ ਮਾਲ, ਮੁੜ ਵਸੇਬਾ ਅਤੇ ਆਫ਼ਤ ਪ੍ਰਬੰਧਨ ਮੰਤਰੀ ਬ੍ਰਹਮ ਸ਼ੰਕਰ ਜਿੰਪਾ ਨੇ ਸਬੰਧਤ ਜ਼ਿਲ੍ਹਿਆਂ ਦੇ ਸੀਨੀਅਰ ਅਧਿਕਾਰੀਆਂ ਨਾਲ ਹੁਸ਼ਿਆਰਪੁਰ ਅਤੇ ਆਦਮਪੁਰ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਦੌਰਾ ਕੀਤਾ। ਇਸ ਮੌਕੇ ਜਿੰਪਾ ਨੇ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ ਅਤੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਹੜ੍ਹ ਪ੍ਰਭਾਵਿਤ ਲੋਕਾਂ ਦੀ ਹਰ ਸੰਭਵ ਮਦਦ ਯਕੀਨੀ ਬਣਾਉਣ ਲਈ ਕਿਹਾ। ਉਨ੍ਹਾਂ ਦੱਸਿਆ ਕਿ ਹੜ੍ਹਾਂ ਦੀ ਸਥਿਤੀ ਨਾਲ ਨਜਿੱਠਣ ਲਈ ਰਾਹਤ ਰਾਸ਼ੀ ਦੇਣ ਬਾਬਤ ਮਾਲ ਮਹਿਕਮੇ ਨੇ ਕਾਰਵਾਈ ਆਰੰਭ ਕਰ ਦਿੱਤੀ ਹੈ।

ਬੁਲਾਰੇ ਨੇ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਿਜਲੀ ਅਤੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ ਨੇ ਅੰਮ੍ਰਿਤਸਰ ਜ਼ਿਲ੍ਹੇ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਮਾਲੋਵਾਲ ਅਤੇ ਧਾਰੜ ਦਾ ਦੌਰਾ ਕੀਤਾ ਗਿਆ। ਇਸ ਮੌਕੇ ਬਿਜਲੀ ਤੇ ਲੋਕ ਨਿਰਮਾਣ ਮੰਤਰੀ ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਹਦਾਇਤ ਕੀਤੀ ਕਿ ਖੇਤਾਂ ਅਤੇ ਰਿਹਾਇਸ਼ੀ ਖੇਤਰਾਂ ਵਿੱਚ ਜਮ੍ਹਾਂ ਹੋਏ ਬਰਸਾਤੀ ਪਾਣੀ ਦੀ ਨਿਕਾਸੀ ਲਈ ਪਹਿਲ ਦੇ ਆਧਾਰ ’ਤੇ ਪ੍ਰਬੰਧ ਕੀਤੇ ਜਾਣ। ਇਸ ਮੌਕੇ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀ ਅਮਿਤ ਤਲਵਾੜ ਨੇ ਮੰਤਰੀ ਨੂੰ ਦੱਸਿਆ ਕਿ ਭਾਰੀ ਬਰਸਾਤ ਕਾਰਨ ਪੈਦਾ ਹੋਣ ਵਾਲੀ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਾਰੇ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਮੰਤਰੀ ਨੂੰ ਦੱਸਿਆ ਕਿ ਰਾਵੀ ਦਰਿਆ ਦੇ ਨਾਲ ਲੱਗਦੇ ਇਲਾਕਿਆਂ ਦੇ ਲੋਕਾਂ ਨੂੰ ਡੈਮ ਤੋਂ ਪਾਣੀ ਛੱਡਣ ਬਾਰੇ ਪਹਿਲਾਂ ਹੀ ਸੂਚਿਤ ਕਰ ਦਿੱਤਾ ਗਿਆ ਹੈ ਅਤੇ ਲੋਕਾਂ ਨੂੰ ਸੁਰੱਖਿਅਤ ਥਾਵਾਂ ’ਤੇ ਪਹੁੰਚਾਉਣ ਲਈ ਪੁਖਤਾ ਪ੍ਰਬੰਧ ਕੀਤੇ ਗਏ ਹਨ।

ਇਸ ਦੌਰਾਨ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ: ਬਲਬੀਰ ਸਿੰਘ ਨੇ ਡਿਪਟੀ ਕਮਿਸ਼ਨਰ ਪਟਿਆਲਾ ਸ੍ਰੀਮਤੀ ਸਾਕਸ਼ੀ ਸਾਹਨੀ ਦੇ ਨਾਲ ਪਟਿਆਲਾ ਦਿਹਾਤੀ ਦੇ ਹੜ੍ਹ ਪ੍ਰਭਾਵਿਤ ਨੀਵੇਂ ਇਲਾਕਿਆਂ ਦਾ ਦੌਰਾ ਕੀਤਾ ਅਤੇ ਵੱਡੀ ਨਦੀ ਤੇ ਛੋਟੀ ਨਦੀ ਵਿਖੇ ਸਥਿਤੀ ਦਾ ਜਾਇਜ਼ਾ ਲਿਆ। ਉਨ੍ਹਾਂ ਨੀਵੇਂ ਇਲਾਕਿਆਂ ਵਿੱਚੋਂ ਜਮ੍ਹਾਂ ਹੋਏ ਪਾਣੀ ਦੀ ਨਿਕਾਸੀ ਲਈ ਜੇ।ਸੀ।ਬੀ ਮਸ਼ੀਨਾਂ ਅਤੇ ਪੰਪਿੰਗ ਮਸ਼ੀਨਾਂ ਨੂੰ ਮੌਕੇ ’ਤੇ ਬੁਲਾਇਆ। ਇਸ ਮੌਕੇ ਡਾ: ਬਲਬੀਰ ਸਿੰਘ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਨ੍ਹਾਂ ਨੂੰ ਘਬਰਾਉਣ ਦੀ ਕੋਈ ਲੋੜ ਨਹੀਂ ਕਿਉਂਕਿ ਮੁੱਖ ਮੰਤਰੀ ਸ। ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਹੜ੍ਹਾਂ ਦੀ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਸਾਰੇ ਪ੍ਰਬੰਧ ਕੀਤੇ ਹੋਏ ਹਨ।

# ਪੰਜਾਬ ਪੁਲਿਸ ਹੜ੍ਹਾਂ ਤੋਂ ਪੈਦਾ ਹੋਣ ਵਾਲੀ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਤਿਆਰ-ਬਰ-ਤਿਆਰ



ਡੀਜੀਪੀ ਅਰਪਿਤ ਸ਼ੁਕਲਾ

ਚੰਡੀਗੜ੍ਹ, 9 ਜੁਲਾਈ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਖਿੱਤੇ ਵਿੱਚ ਲਗਾਤਾਰ ਹੋ ਰਹੀ ਬਾਰਿਸ਼ ਦੇ ਮੱਦੇਨਜ਼ਰ ਸਾਰੇ ਅਧਿਕਾਰੀਆਂ ਨੂੰ ਚੌਕਸ ਰਹਿਣ ਦੇ ਆਦੇਸ਼ ਦਿੱਤੇ ਹਨ ਅਤੇ ਪੰਜਾਬ ਪੁਲਿਸ ਵੱਲੋਂ ਹੜ੍ਹਾਂ ਦੀ ਸੰਭਾਵਨਾ ਨੂੰ ਦੇਖਦਿਆਂ ਇਸ ਤੋਂ ਪੈਦਾ ਹੋਣ ਵਾਲੀ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਵਿਆਪਕ ਪ੍ਰਬੰਧ ਕੀਤੇ ਗਏ ਹਨ।

ਇਹ ਜਾਣਕਾਰੀ ਦਿੰਦਿਆਂ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ), ਪੰਜਾਬ ਗੌਰਵ ਯਾਦਵ ਨੇ ਅੱਜ ਇੱਥੇ ਕਿਹਾ ਕਿ ਹੜ੍ਹਾਂ ਦੀ ਰੋਕਥਾਮ ਲਈ ਸਟੇਟ ਕੰਟਰੋਲ ਰੂਮ ਸਥਾਪਤ ਕੀਤਾ ਗਿਆ ਹੈ ਅਤੇ ਸਬੰਧਤ ਅਧਿਕਾਰੀਆਂ ਨੂੰ ਆਪਣੇ ਜ਼ਿਲ੍ਹਿਆਂ ਤੋਂ ਘੰਟਿਆਂਬੱਧੀ ਰਿਪੋਰਟ ਲੈਣ ਲਈ ਕਿਹਾ ਗਿਆ ਹੈ ਤਾਂ ਜੋ ਉਹ ਆਪਣੇ ਸਬੰਧਤ ਜ਼ਿਲ੍ਹਿਆਂ ਦੀ ਮੌਜੂਦਾ ਸਥਿਤੀ ਬਾਰੇ ਅਪਡੇਟ ਰਹਿਣ।

ਜ਼ਿਕਰਯੋਗ ਹੈ ਕਿ ਡੀਜੀਪੀ ਗੌਰਵ ਯਾਦਵ ਅਤੇ ਵਿਸ਼ੇਸ਼ ਡੀਜੀਪੀ ਕਾਨੂੰਨ ਤੇ ਵਿਵਸਥਾ ਅਰਪਿਤ ਸ਼ੁਕਲਾ ਨਿੱਜੀ ਤੌਰ ’ਤੇ ਸਥਿਤੀ ਦੀ ਨਿਗਰਾਨੀ ਕਰ ਰਹੇ ਹਨ, ਜਦਕਿ ਸੀਪੀਜ਼/ਐਸਐਸਪੀਜ਼ ਨੂੰ ਵੀ ਫੀਲਡ ਵਿੱਚ ਰਹਿਣ ਅਤੇ ਆਪਣੇ ਸਬੰਧਤ ਜ਼ਿਲ੍ਹਿਆਂ ਵਿੱਚ ਨਿਯਮਤ ਅੰਤਰਾਲਾਂ ’ਤੇ ਸਥਿਤੀ ਦੀ ਨਿੱਜੀ ਤੌਰ ’ਤੇ ਨਿਗਰਾਨੀ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ।

ਹੋਰ ਜਾਣਕਾਰੀ ਦਿੰਦਿਆਂ ਵਿਸ਼ੇਸ਼ ਡੀਜੀਪੀ ਅਰਪਿਤ ਸ਼ੁਕਲਾ ਨੇ ਕਿਹਾ ਕਿ ਸਟੇਟ ਡਿਜ਼ਾਸਟਰ ਰਿਸਪਾਂਸ ਫੋਰਸ (ਐਸਟੀਆਰਐਫ) ਦੀਆਂ ਟੀਮਾਂ ਅਲਰਟ ’ਤੇ ਹਨ ਅਤੇ ਕਿਸੇ ਵੀ ਕਿਸਮ ਦੇ ਸੰਕਟ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ ਹਨ। ਉਨ੍ਹਾਂ ਕਿਹਾ ਕਿ ਐਸ।ਏ।ਐਸ।ਨਗਰ ਅਤੇ ਫਤਹਿਗੜ੍ਹ ਸਾਹਿਬ ਸਮੇਤ ਹੜ੍ਹ ਪ੍ਰਭਾਵਿਤ ਜ਼ਿਲ੍ਹਿਆਂ ਵਿੱਚ ਬਚਾਅ ਕਾਰਜਾਂ ਅਤੇ ਹੜ੍ਹਾਂ ਕਾਰਨ ਪੈਦਾ ਹੋਣ ਵਾਲੀ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਨੈਸ਼ਨਲ ਡਿਜ਼ਾਸਟਰ ਰਿਸਪਾਂਸ ਫੋਰਸ (ਐਨ।ਡੀ।ਆਰ।ਐਫ।) ਦੀਆਂ ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ। ਇਸ ਤੋਂ ਇਲਾਵਾ ਫੌਜ ਨੂੰ ਵੀ ਚੌਕਸ ਰਹਿਣ ਲਈ ਕਿਹਾ ਗਿਆ ਹੈ।

ਵਿਸ਼ੇਸ਼ ਡੀਜੀਪੀ ਨੇ ਸੂਬੇ ਦੇ ਲੋਕਾਂ ਨੂੰ ਨਾ ਘਬਰਾਉਣ ਅਤੇ ਪ੍ਰਸ਼ਾਸਨ ਅਤੇ ਪੁਲਿਸ ਨੂੰ ਸਹਿਯੋਗ ਦੇਣ ਦੀ ਅਪੀਲ ਕੀਤੀ। ਉਨ੍ਹਾਂ ਨੇ ਨੀਵੇਂ ਇਲਾਕਿਆਂ ਜਾਂ ਹੜ੍ਹਾਂ ਪ੍ਰਭਾਵਿਤ ਇਲਾਕਿਆਂ ਵਿੱਚ ਰਹਿ ਰਹੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੀ ਸੁਰੱਖਿਆ ਲਈ ਕਿਸੇ ਸੁਰੱਖਿਅਤ ਜਗ੍ਹਾ ‘ਤੇ ਰਹਿਣ ਜਾਂ ਸਬੰਧਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਬਣਾਏ ਗਏ ਰਾਹਤ ਕੇਂਦਰਾਂ ਤੱਕ ਪਹੁੰਚ ਕਰਨ।


**VENUE**
**HEART LAKE CONVERSATION PARK SITE - LAKEMOUNT 4**
Address: 10818 Heart Lake Rd, Brampton, ON L6Z 0B3



# Samrai Picnic

**AUGUST 6, 2023**

## ਪਿੰਡ ਸਮਰਾਏ ਦੇ ਵਾਸੀਆਂ ਵਲੋਂ 6 ਅਗਸਤ ਨੂੰ ਪਿਕਨਿੱਕ

ਪਿੰਡ ਸਮਰਾਏ ਦੇ ਸਮੂਹ ਵਾਸੀਆਂ ਵਲੋਂ ਆਪਣੀ ਸਲਾਨਾ ਪਿਕਨਿਕ **06** ਅਗਸਤ ਦਿਨ ਐਤਵਾਰ ਨੂੰ ਹਾਰਟ ਲੇਕ ਕੰਜ਼ੂਵੇਸ਼ਨ ਪਾਰਕ ਵਿਖੇ ਠੀਕ ਦੁਪਿਹਰ 11 ਵਜ ਤੋਂ ਸ਼ਾਮ 6 ਵਜੇ ਤੱਕ ਮਨਾਈ ਜਾ ਰਹੀ ਹੈ । ਇਸ ਦੌਰਾਨ ਬੱਚਿਆਂ ਦੀਆਂ ਖੇਡਾਂ ਅਤੇ ਹੋਰ ਮਨੋਰੰਜਕ ਖੇਡਾਂ ਕਰਵਾਈਆਂ ਜਾਣਗੀਆਂ ਜਿਹਨਾਂ ਵਿਚ ਲੇਡੀਜ਼ ਲਈ 50 ਮੀਟਰ ਦੌੜ, ਬੋਰੀ ਰੇਸ ਅਤੇ ਤਿੰਨ ਟੰਗੀ ਰੇਸ ਵੀ ਸ਼ਾਮਲ ਹਨ । ਪ੍ਰਬੰਧਕਾਂ ਵਲੋਂ ਜੀਟੀਏ ਵਿਚ ਵੱਸਦੇ ਸਮੂਹ ਸਮਰਾਏ ਪਿੰਡ ਵਾਸੀਆਂ ਨੂੰ ਬੇਨਤੀ ਹੈ ਕਿ ਉਹ ਪਰਿਵਾਰਾਂ ਸਮੇਤ ਇਸ ਪਰਿਵਾਰਕ ਪਿਕਨਿਕ ਵਿਚ ਸ਼ਾਮਲ ਹੋਣ ਅਤੇ ਆਪਣੇ ਪਿੰਡ ਨਾਲ ਜੁੜੀਆਂ ਯਾਦਾਂ ਨੂੰ ਤਾਜਾ ਕਰਨ ।



People of Village. Samrai has organised a Picnic on **August 06, 2023, Sunday from 11 am to 6 pm.**
In the park various activities will be played such as **50 meter race, sack race, 3-legged race.**
We request you to accompany your childrens, parents, grandparents with you to recall old memories.

ਪਿਕਨਿੱਕ ਬਾਰੇ ਜਿਆਦਾ ਜਾਨਕਾਰੀ ਲਈ ਸੁਰਜੀਤ ਸਮਰਾ 289-828-2117, ਅਮਰਜੀਤ ਸਮਰਾ 416-939-8292 ਜਾਂ ਮੋਹੀਂਦਰ ਸਮਰਾ 416-271-8477 ਨੂੰ ਸੰਪ੍ਰਕ ਕੀਤਾ ਜਾ ਸਕਦਾ ਹੇ।


# ਭਾਰੀ ਬਾਰਸ਼ ਕਾਰਨ ਕਿਸੇ ਵੀ ਅਣਸੁਖਾਵੀਂ ਘਟਨਾ ਨਾਲ ਨਜਿੱਠਣ ਲਈ ਜਲ ਸਰੋਤ ਵਿਭਾਗ ਨੇ ਤਿਆਰੀ ਕਸੀ : ਮੀਤ ਹੇਅਰ

*** ਜਲ ਸਰੋਤ ਮੰਤਰੀ ਵੱਲੋਂ ਮੂਨਕ ਇਲਾਕੇ ਵਿਖੇ ਘੱਗਰ ਦਰਿਆ ਦਾ ਲਿਆ ਗਿਆ ਜਾਇਜ਼ਾ * ਮੁੱਖ ਦਫਤਰ ਤੇ ਹਰ ਜ਼ਿਲੇ ਵਿੱਚ ਹੜ੍ਹ ਕੰਟਰੋਲ ਰੂਮ ਬਣਾਇਆ**



ਮੂਨਕ, 9 ਜੁਲਾਈ (ਪੋਸਟ ਬਿਊਰੋ): ਪਹਾੜੀ ਸਥਾਨਾਂ ਤੇ ਪੰਜਾਬ ਵਿੱਚ ਲਗਾਤਾਰ ਹੋ ਰਹੀ ਬਾਰਿਸ਼ ਕਾਰਨ ਜਲ ਭੰਡਾਰਾਂ ’ਚ ਵਧੇ ਪਾਣੀ ਦੇ ਪੱਧਰ ਕਾਰਨ ਕਿਸੇ ਵੀ ਅਣਸੁਖਾਵੀਂ ਸਥਿਤੀ ਨਾਲ ਨਜਿੱਠਣ ਲਈ ਜਲ ਸਰੋਤ ਵਿਭਾਗ ਵੱਲੋਂ ਪੂਰੀ ਤਿਆਰੀ ਕੱਸੀ ਗਈ ਹੈ।ਸਥਿਤੀ ਪੂਰੀ ਤਰ੍ਹਾਂ ਕੰਟਰੋਲ ਵਿੱਚ ਹੈ ਅਤੇ ਲੋਕਾਂ ਨੂੰ ਘਬਰਾਉਣ ਦੀ ਲੋੜ ਨਹੀਂ।

ਇਹ ਗੱਲ ਅੱਜ ਜਲ ਸਰੋਤ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਅੱਜ ਜ਼ਮੀਨੀ ਪੱਧਰ ਉਤੇ ਸਥਿਤੀ ਪਤਾ ਕਰਨ ਲਈ ਖਨੌਰੀ-ਮੂਨਕ ਖੇਤਰ ਵਿਖੇ ਘੱਗਰ ਦਰਿਆ ਵਿੱਚ ਪਾਣੀ ਦੇ ਪੱਧਰ ਦਾ ਜਾਇਜ਼ਾ ਲੈਣ ਮੌਕੇ ਕਹੀ। ਜਲ ਸਰੋਤ ਮੰਤਰੀ ਨੇ ਡਿਪਟੀ ਕਮਿਸ਼ਨਰ ਜਤਿੰਦਰ ਜ਼ੋਰਵਾਲ ਤੇ ਐਸਡੀਐਮ ਸੂਬਾ ਸਿੰਘ ਸਣੇ ਵਿਭਾਗ ਦੇ ਅਧਿਕਾਰੀਆਂ ਨੂੰ ਲੈ ਕੇ ਮੂਨਕ-ਟੋਹਾਣਾ ਪੁਲ ਅਤੇ ਮਕਰੌੜ ਸਾਹਿਬ ਦਾ ਦੌਰਾ ਕੀਤਾ।

ਮੀਤ ਹੇਅਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਨਿਰਦੇਸ਼ਾਂ ਉਤੇ ਜਲ ਸਰੋਤ ਵਿਭਾਗ ਵੱਲੋਂ ਪੂਰੀ ਤਿਆਰੀ ਕੀਤੀ ਗਈ ਹੈ। ਜਿੱਥੇ ਸਾਰੇ ਵਿਭਾਗ ਦੇ ਅਧਿਕਾਰੀ/ਕਰਮਚਾਰੀ ਫੀਲਡ ਵਿੱਚ ਤਾਇਨਾਤ ਹਨ ਉੱਥੇ ਉਹ ਖੁਦ ਜ਼ਮੀਨੀ ਪੱਧਰ ਉਤੇ ਸਥਿਤੀ ਦਾ ਜਾਇਜ਼ਾ ਲੈ ਰਹੇ ਹਨ। ਮੁੱਖ ਦਫਤਰ ਪੱਧਰ ’ਤੇ ਪਹਿਲਾਂ ਹੀ ਫਲੱਡ ਕੰਟਰੋਲ ਰੂਮ ਸਥਾਪਿਤ ਕੀਤਾ ਜਾ ਚੁੱਕਾ ਹੈ।ਇਸ ਤੋਂ ਇਲਾਵਾ ਹਰ ਜ਼ਿਲੇ ਵਿੱਚ ਵੀ ਫਲੱਡ ਕੰਟਰੋਲ ਰੂਮ ਸਥਾਪਤ ਕੀਤੇ ਗਏ ਹਨ। ਸਾਰੇ ਫੀਲਡ ਅਫਸਰਾਂ ਨੂੰ ਪਾਣੀ ਦੇ ਪੱਧਰ ਅਤੇ ਪਾਣੀ ਛੱਡਣ ਬਾਰੇ ਤੁਰੰਤ ਜਾਣੂ ਕਰਵਾਇਆ ਜਾ ਰਿਹਾ ਹੈ ਤਾਂ ਜੋ ਉਹ ਸਬੰਧਤ ਵਿਭਾਗ ਅਤੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਚਿਤਾਵਨੀ ਦੇ ਸਕਣ।

ਜਲ ਸਰੋਤ ਮੰਤਰੀ ਨੇ ਕਿਹਾ ਕਿ ਵਿਭਾਗ ਵੱਲੋਂ ਮਾਨਸੂਨ ਸੀਜ਼ਨ ਤੋਂ ਪਹਿਲਾਂ ਹੀ ਹੜ੍ਹ ਰੋਕੂ ਕੰਮ ਕੀਤੇ ਗਏ ਹਨ ਅਤੇ ਅੱਗੇ ਵਾਲੀ ਸਥਿਤੀ ਨੂੰ ਦੇਖਦਿਆਂ ਵੀ ਵਿਭਾਗ ਪੂਰੀ ਤਰ੍ਹਾਂ ਤਿਆਰ ਹੈ। ਉਨ੍ਹਾਂ ਕਿਹਾ ਕਿ ਸੰਗਰੂਰ ਜ਼ਿਲੇ ਵਿੱਚ ਸਾਢੇ ਪੰਜ ਕਰੋੜ ਰੁਪਏ ਦੇ ਕਰੀਬ ਲਾਗਤ ਨਾਲ ਕੰਮ ਕੀਤੇ ਗਏ।ਉਨ੍ਹਾਂ ਅੱਗੇ ਕਿਹਾ ਕਿ ਜਿੱਥੋਂ ਤੱਕ ਡੈਮਾਂ ਦਾ ਸਬੰਧ ਹੈ, ਡੈਮਾਂ ਦੇ ਵੱਧ ਤੋਂ ਵੱਧ ਪੱਧਰ ਤੱਕ ਤਸੱਲੀਬਖਸ਼ ਬਫਰ ਉਪਲਬਧ ਹੈ। ਜ਼ਿਲਾ ਸਿਵਲ ਤੇ ਪੁਲਿਸ ਪ੍ਰਸ਼ਾਸਨ ਮੁਸਤੈਦੀ ਨਾਲ ਜ਼ਮੀਨੀ ਪੱਧਰ ਉਤੇ ਦੌਰਾ ਕਰਕੇ ਸਾਰੀ ਸਥਿਤੀ ਦਾ ਜਾਇਜ਼ਾ ਲੈ ਰਿਹਾ ਹੈ। ਵਿਭਾਗ ਦੇ ਫੀਲਡ ਸਟਾਫ ਜਿਵੇਂ ਕਿ ਐਕਸੀਅਨ, ਐਸ।ਡੀ।ਓ ਤੇ ਜੇ।ਈਜ਼ ਨੂੰ ਪਹਿਲਾਂ ਹੀ ਕਹਿ ਦਿੱਤਾ ਹੈ ਅਤੇ ਉਹ ਸੰਵੇਦਨਸ਼ੀਲ ਥਾਂਵਾਂ ’ਤੇ ਨਜ਼ਰ ਰੱਖ ਰਹੇ ਹਨ। ਫੀਲਡ ਸਟਾਫ਼ ਜ਼ਿਲ੍ਹਾ ਪ੍ਰਸ਼ਾਸਨ ਨਾਲ ਪੂਰੀ ਤਰ੍ਹਾਂ ਤਾਲਮੇਲ ਵਿੱਚ ਹੈ।

ਮੀਤ ਹੇਅਰ ਨੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਆਪੋ-ਆਪਣੇ ਜ਼ਿਲਿਆਂ ਦੇ ਡਿਪਟੀ ਕਮਿਸ਼ਨਰ ਦਫਤਰ ਨਾਲ ਸੰਪਰਕ ਕੀਤਾ ਜਾਵੇ ਤਾਂ ਜੋ ਕਿਸੇ ਵੀ ਐਮਰਜੈਂਸੀ ਸਥਿਤੀ ਵਿੱਚ ਉਨ੍ਹਾਂ ਨੂੰ ਬਾਹਰ ਕੱਢਿਆ ਜਾ ਸਕੇ। ਵਿਭਾਗ ਦੇ ਸਟਾਫ ਨੂੰ ਰਾਤ ਦੀ ਚੌਕਸੀ ਦੇ ਨਾਲ-ਨਾਲ ਖੇਤਾਂ ਦੀ ਨਿਗਰਾਨੀ ਕਰਨ ਲਈ ਕਿਹਾ ਗਿਆ ਹੈ। ਫੌਰੀ ਉਪਾਅ ਜਿਵੇਂ ਕਿ ਖਾਲੀ ਸੀਮੈਂਟ ਬੈਗਾਂ ਨੂੰ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਤਿਆਰ ਰੱਖਣ ਲਈ ਪਹਿਲਾਂ ਹੀ ਨਿਰਦੇਸ਼ ਦਿੱਤੇ ਗਏ ਹਨ।

# ਮੁੱਖ ਮੰਤਰੀ ਨੇ ਮੀਂਹ ਕਾਰਨ ਲੋਕਾਂ ਦੀ ਮੱਦਦ ਲਈ ਕੈਬਨਿਟ ਮੰਤਰੀਆਂ, ਵਿਧਾਇਕਾਂ ਅਤੇ ਅਧਿਕਾਰੀਆਂ ਨੂੰ ਆਪਣੇ-ਆਪਣੇ ਖੇਤਰਾਂ ਵਿੱਚ ਰਹਿਣ ਲਈ ਕਿਹਾ

ਚੰਡੀਗੜ੍ਹ, 9 ਜੁਲਾਈ (ਗਿਆਨ ਸਿੰਘ):ਸੂਬੇ ਭਰ ਵਿੱਚ ਲਗਾਤਾਰ ਹੋ ਰਹੀ ਬਰਸਾਤ ਦੇ ਮੱਦੇਨਜ਼ਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਸਾਰੇ ਕੈਬਨਿਟ ਮੰਤਰੀਆਂ, ਵਿਧਾਇਕਾਂ ਅਤੇ ਅਧਿਕਾਰੀਆਂ ਨੂੰ ਇਸ ਸੰਕਟ ਦੀ ਘੜੀ ਵਿੱਚ ਆਪਣੇ-ਆਪਣੇ ਖੇਤਰਾਂ ਵਿੱਚ ਰਹਿਣ ਅਤੇ ਲੋੜਵੰਦਾਂ ਤੱਕ ਪਹੁੰਚ ਕਰਨ ਲਈ ਕਿਹਾ।

ਕੁਦਰਤ ਦੇ ਕਹਿਰ ਦੇ ਮੱਦੇਨਜ਼ਰ ਸਥਿਤੀ ਦੀ ਨਿੱਜੀ ਤੌਰ 'ਤੇ ਨਿਗਰਾਨੀ ਕਰ ਰਹੇ ਮੁੱਖ ਮੰਤਰੀ ਨੇ ਕਿਹਾ ਕਿ ਕੈਬਨਿਟ ਮੰਤਰੀਆਂ, ਵਿਧਾਇਕਾਂ ਅਤੇ ਅਧਿਕਾਰੀਆਂ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਲੋਕਾਂ ਦੀ ਜਾਨ-ਮਾਲ ਦੀ ਰਾਖੀ ਲਈ ਹੜ੍ਹਾਂ ਤੋਂ ਬਚਾਅ ਵਾਸਤੇ ਵਿਆਪਕ ਕਾਰਜ ਯੋਜਨਾ ਨੂੰ ਲਾਗੂ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਕੈਬਨਿਟ ਮੰਤਰੀਆਂ, ਵਿਧਾਇਕਾਂ ਅਤੇ ਅਧਿਕਾਰੀਆਂ ਨੂੰ ਚਾਹੀਦਾ ਹੈ ਕਿ ਉਹ ਆਪਣੇ ਇਲਾਕੇ ਦੇ ਲੋਕਾਂ ਵਿੱਚ ਜਾ ਕੇ ਉਨ੍ਹਾਂ ਨੂੰ ਜਲਦੀ ਤੋਂ ਜਲਦੀ ਰਾਹਤ ਦੇਣ ਨੂੰ ਯਕੀਨੀ ਬਣਾਉਣ। ਭਗਵੰਤ ਮਾਨ ਨੇ ਕਿਹਾ ਕਿ ਡਿਪਟੀ ਕਮਿਸ਼ਨਰ (ਡੀ.ਸੀ.) ਅਤੇ ਸੀਨੀਅਰ ਪੁਲਿਸ ਕਪਤਾਨ (ਐਸ.ਐਸ.ਪੀਜ਼) ਨੂੰ ਆਪੋ-ਆਪਣੇ ਜ਼ਿਲ੍ਹਿਆਂ ਵਿੱਚ ਰਾਹਤ ਕਾਰਜਾਂ ਵਿੱਚ ਤੇਜ਼ੀ ਲਿਆਉਣੀ ਚਾਹੀਦੀ ਹੈ ਤਾਂ ਜੋ ਲੋਕਾਂ ਨੂੰ ਰਾਹਤ ਮਿਲ ਸਕੇ।

ਮੁੱਖ ਮੰਤਰੀ ਨੇ ਕਿਹਾ ਕਿ ਨੀਵੇਂ ਇਲਾਕਿਆਂ ਖ਼ਾਸ ਕਰਕੇ ਦਰਿਆਵਾਂ ਦੇ ਆਸ-ਪਾਸ ਦੇ ਇਲਾਕਿਆਂ ਵਿੱਚ ਪਹਿਲਾਂ ਹੀ ਅਲਰਟ ਜਾਰੀ ਕਰ ਦਿੱਤਾ ਗਿਆ ਹੈ ਅਤੇ ਕਿਹਾ ਗਿਆ ਹੈ ਕਿ ਕਿਸੇ ਜ਼ਰੂਰੀ ਕੰਮ ਲਈ ਹੀ ਘਰਾਂ ਤੋਂ ਬਾਹਰ ਨਿਕਲਣ। ਉਨ੍ਹਾਂ ਕਿਹਾ ਕਿ ਸੂਬੇ ਭਰ ਵਿੱਚ ਲਗਾਤਾਰ ਹੋ ਰਹੀ ਬਰਸਾਤ ਕਾਰਨ ਹੜ੍ਹ ਵਰਗੀ ਸਥਿਤੀ ਪੈਦਾ ਹੋ ਗਈ ਹੈ ਪਰ ਸੂਬਾ ਸਰਕਾਰ ਵੱਲੋਂ ਸਥਿਤੀ 'ਤੇ ਬਾਕਾਇਦਾ ਨਜ਼ਰ ਰੱਖੀ ਜਾ ਰਹੀ ਹੈ। ਭਗਵੰਤ ਮਾਨ ਨੇ ਕਿਹਾ ਕਿ ਸਾਰੇ ਮੰਤਰੀਆਂ ਅਤੇ ਵਿਧਾਇਕਾਂ ਨੂੰ ਚਾਹੀਦਾ ਹੈ ਕਿ ਉਹ ਆਪੋ-ਆਪਣੇ ਹਲਕਿਆਂ ਖ਼ਾਸ ਕਰਕੇ ਨੀਵੇਂ ਅਤੇ ਹੜ੍ਹਾਂ ਵਾਲੇ ਇਲਾਕਿਆਂ ਦਾ ਦੌਰਾ ਕਰਨ ਤਾਂ ਜੋ ਲੋੜਵੰਦਾਂ ਦੀ ਮਦਦ ਯਕੀਨੀ ਬਣਾਈ ਜਾ ਸਕੇ।

ਮੁੱਖ ਮੰਤਰੀ ਨੇ ਕਿਹਾ ਕਿ ਕਿਉਂਕਿ ਸੂਬੇ ਭਰ ਵਿੱਚ ਭਾਰੀ ਮੀਂਹ ਪੈ ਰਿਹਾ ਹੈ, ਇਸ ਲਈ ਕੁਝ ਥਾਵਾਂ 'ਤੇ ਹੜ੍ਹ ਵਰਗੀ ਸਥਿਤੀ ਪੈਦਾ ਹੋ ਗਈ ਹੈ। ਉਨ੍ਹਾਂ ਕਿਹਾ ਕਿ ਡੀ.ਸੀਜ਼, ਐਸ.ਐਸ.ਪੀਜ਼, ਐਸ.ਡੀ.ਐਮਜ਼ ਅਤੇ ਫੀਲਡ ਸਟਾਫ਼ ਚੌਕਸ ਰਹੇ ਅਤੇ ਜ਼ਿਆਦਾ ਪਾਣੀ ਕਾਰਨ ਹੋਣ ਵਾਲੇ ਨੁਕਸਾਨ ਨੂੰ ਘੱਟ ਤੋਂ ਘੱਟ ਕਰਨ ਲਈ ਪਹਿਲ ਦੇ ਆਧਾਰ 'ਤੇ ਜ਼ਰੂਰੀ ਕੰਮ ਕਰਨ। ਭਗਵੰਤ ਮਾਨ ਨੇ ਅਧਿਕਾਰੀਆਂ ਨੂੰ ਕਿਹਾ ਕਿ ਵਾਟਰ ਵਰਕਸ ਦੇ ਪਾਣੀ ਵਿੱਚ ਡੁੱਬਣ ਤੋਂ ਰੋਕਣ ਲਈ ਹਰ ਥਾਂ 'ਤੇ ਵਾਟਰ ਵਰਕਸ ਦੇ ਪੰਪ ਹਾਊਸਾਂ ਦੇ ਆਲੇ-ਦੁਆਲੇ ਰੇਤ ਦੀਆਂ ਬੋਰੀਆਂ ਲਾ ਕੇ ਉਨ੍ਹਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਕੰਮ ਵਿੱਚ ਕਿਸੇ ਵੀ ਤਰ੍ਹਾਂ ਦੀ ਢਿੱਲ-ਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਨੇ ਗੰਭੀਰ ਸੰਕਟ ਦੀ ਇਸ ਘੜੀ ਵਿੱਚ ਲੋਕਾਂ ਨੂੰ ਤੁਰੰਤ ਰਾਹਤ ਅਤੇ ਮਦਦ ਪ੍ਰਦਾਨ ਕਰਨ ਲਈ ਆਪਣੀ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਦੁਹਰਾਈ। ਭਗਵੰਤ ਮਾਨ ਨੇ ਕਿਹਾ ਕਿ ਭਾਰੀ ਬਰਸਾਤ ਕਾਰਨ ਪੈਦਾ ਹੋਈ ਇਸ ਸਥਿਤੀ ਵਿੱਚ ਲੋਕਾਂ ਦੇ ਹਿੱਤਾਂ ਦੀ ਰਾਖੀ ਕਰਨਾ ਸੂਬਾ ਸਰਕਾਰ ਦਾ ਫ਼ਰਜ਼ ਬਣਦਾ ਹੈ।


ਇਸ ਦੌਰਾਨ ਮੁੱਖ ਮੰਤਰੀ ਦੇ ਨਿਰਦੇਸ਼ਾਂ ਤੋਂ ਬਾਅਦ ਹਰਕਤ ਵਿੱਚ ਆਉਂਦਿਆਂ ਕੈਬਨਿਟ ਮੰਤਰੀਆਂ ਅਤੇ ਵਿਧਾਇਕਾਂ ਨੇ ਲੋਕਾਂ ਨੂੰ ਰਾਹਤ ਦੇਣ ਲਈ ਜ਼ਿਲ੍ਹਾ ਪ੍ਰਸ਼ਾਸਨ ਨਾਲ ਰਾਬਤਾ ਕਾਇਮ ਕੀਤਾ ਹੈ। ਮੰਤਰੀ ਅਤੇ ਵਿਧਾਇਕ ਨੀਵੇਂ ਅਤੇ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਦੌਰਾ ਕਰ ਰਹੇ ਹਨ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਲੋਕਾਂ ਨੂੰ ਇਨ੍ਹਾਂ ਖੇਤਰਾਂ ਤੋਂ ਸੁਰੱਖਿਅਤ ਥਾਵਾਂ 'ਤੇ ਪਹੁੰਚਾਇਆ ਜਾਵੇ। ਉਨ੍ਹਾਂ ਅਧਿਕਾਰੀਆਂ ਨੂੰ ਭਾਰੀ ਮੀਂਹ ਕਾਰਨ ਹੋਣ ਵਾਲੇ ਨੁਕਸਾਨ ਨੂੰ ਘੱਟ ਤੋਂ ਘੱਟ ਕਰਨ ਲਈ ਠੋਸ ਉਪਰਾਲੇ ਕਰਨ ਦੇ ਨਿਰਦੇਸ਼ ਵੀ ਦਿੱਤੇ।


## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।














## ਲੜਕੀ ਦੀ ਲੋੜ

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.




## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661




## ਲੜਕੇ ਦੀ ਲੋੜ

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com







## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com



# ਸੋਸ਼ਲ ਮੀਡੀਆ ਮੈਨੇਜਰ - ਸੋਸ਼ਲ ਮੀਡੀਆ ਮੈਨੇਜਰ ਕਿਵੇਂ ਬਣਨਾ ਹੈ

-ਵਿਜੈ ਗਰਗ-

ਸੋਸ਼ਲ ਮੀਡੀਆ ਮੈਨੇਜਰ ਇੱਕ ਪੇਸ਼ੇਵਰ ਹੈ ਜੋ ਬ੍ਰਾਂਡ ਦੀ ਨੁਮਾਇੰਦਗੀ ਕਰਨ ਦੇ ਯੋਗ ਹੈ, ਉਹ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਇੱਕ ਆਕਰਸ਼ਕ ਤਰੀਕੇ ਨਾਲ ਕੰਮ ਕਰ ਰਿਹਾ ਹੈ। ਸੋਸ਼ਲ ਮੀਡੀਆ ਮੈਨੇਜਰ ਦੀ ਮੁੱਖ ਜ਼ਿੰਮੇਵਾਰੀ ਗਾਹਕ ਅਤੇ ਗਾਹਕ ਵਿਚਕਾਰ ਮਜ਼ਬੂਤ ਸੰਪਰਕ ਸਥਾਪਤ ਕਰਨਾ ਹੈ ਤਾਂ ਜੋ ਗਾਹਕ ਆਪਣੇ ਗਾਹਕਾਂ ਨੂੰ ਪ੍ਰਭਾਵਿਤ ਕਰਨ ਦੇ ਯੋਗ ਹੋ ਸਕੇ ਜਦੋਂ ਵੀ ਉਹ ਸੋਸ਼ਲ ਮੀਡੀਆ ਨੈਟਵਰਕ ਰਾਹੀਂ ਇੱਕ ਦੂਜੇ ਦੇ ਸੰਪਰਕ ਵਿੱਚ ਆਉਂਦੇ ਹਨ। ਜਦੋਂ ਵੀ ਸੋਸ਼ਲ ਮੀਡੀਆ ਰਾਹੀਂ ਕਿਸੇ ਬ੍ਰਾਂਡ ਦਾ ਪ੍ਰਚਾਰ ਕੀਤਾ ਜਾਂਦਾ ਹੈ ਤਾਂ ਇਸਦੇ ਸਕਾਰਾਤਮਕ ਅਤੇ ਨਕਾਰਾਤਮਕ ਦੋਵੇਂ ਪ੍ਰਭਾਵ ਹੁੰਦੇ ਹਨ, ਇਹਨਾਂ ਸਥਿਤੀਆਂ ਵਿੱਚ, ਇੱਕ ਪ੍ਰਮੋਟਰ ਆਪਣੇ ਉਤਪਾਦ ਦਾ ਬ੍ਰਾਂਡ ਮੁੱਲ ਬਣਾਉਣ ਲਈ ਉਸਦੀ ਸੋਸ਼ਲ ਮੀਡੀਆ ਮੁਹਿੰਮ ਦੇ ਸਕਾਰਾਤਮਕ ਪ੍ਰਭਾਵ ਦੀ ਇੱਛਾ ਕਰੇਗਾ। ਸੋਸ਼ਲ ਮੀਡੀਆ ਮੁਹਿੰਮ ਦੇ ਨਕਾਰਾਤਮਕ ਪ੍ਰਭਾਵ ਨੂੰ ਘੱਟ ਕਰਨ ਅਤੇ ਸਕਾਰਾਤਮਕ ਨੂੰ ਵੱਧ ਤੋਂ ਵੱਧ ਕਰਨ ਦੇ ਇਸ ਟੀਚੇ ਨੂੰ ਪ੍ਰਾਪਤ ਕਰਨ ਲਈ, ਇੱਕ ਤਜਰਬੇਕਾਰ ਸੋਸ਼ਲ ਮੀਡੀਆ ਮੈਨੇਜਰ ਦੀ ਲੋੜ ਹੋਵੇਗੀ। ਅੱਜ ਹਰ ਕੰਪਨੀ ਸੋਸ਼ਲ ਮੀਡੀਆ ਪਲੇਟਫਾਰਮ 'ਤੇ ਆਪਣੇ ਸਭ ਤੋਂ ਛੋਟੇ ਉਤਪਾਦ ਨੂੰ ਪ੍ਰਮੋਟ ਕਰਨਾ ਚਾਹੁੰਦੀ ਹੈ ਜਿਸ ਨਾਲ ਸੋਸ਼ਲ ਮੀਡੀਆ ਮੈਨੇਜਰਾਂ ਦੀ ਮੰਗ ਕਈ ਗੁਣਾ ਵੱਧ ਜਾਂਦੀ ਹੈ। ਇਸ ਮੌਕੇ ਨੂੰ ਹਾਸਲ ਕਰਨ ਲਈ ਚਾਹਵਾਨ ਉਮੀਦਵਾਰਾਂ ਨੂੰ ਸਬੰਧਤ ਖੇਤਰਾਂ ਵਿੱਚ ਸਹੀ ਢੰਗ ਨਾਲ ਯੋਗਤਾ ਪ੍ਰਾਪਤ ਕਰਨ ਦੀ ਲੋੜ ਹੈ। ਸੋਸ਼ਲ ਮੀਡੀਆ ਮੈਨੇਜਰ ਯੋਗਤਾ ਹਾਲਾਂਕਿ ਸੋਸ਼ਲ ਮੀਡੀਆ ਮੈਨੇਜਰ ਬਣਨ ਲਈ ਕੋਈ ਰਸਮੀ ਯੋਗਤਾ ਦੀ ਲੋੜ ਨਹੀਂ ਹੈ ਪਰ ਫਿਰ ਵੀ ਕੁਝ ਨਾਮਵਰ ਕੰਪਨੀਆਂ ਕਿਸੇ ਵੀ ਸੰਬੰਧਿਤ ਫਾਈਲ ਵਿੱਚ ਘੱਟੋ ਘੱਟ ਇੱਕ ਬੈਚਲਰ ਡਿਗਰੀ ਦੀ ਉਮੀਦ ਕਰ ਸਕਦੀਆਂ ਹਨ ਜਿਸ ਵਿੱਚ ਜਨ ਸੰਚਾਰ, ਪੱਤਰਕਾਰੀ, ਮੀਡੀਆ, ਇਸ਼ਤਿਹਾਰਬਾਜ਼ੀ, ਪਬਲਿਕ ਰਿਲੇਸ਼ਨ ਜਾਂ ਡਿਜੀਟਲ ਮਾਰਕੀਟਿੰਗ ਵਿੱਚ ਬੈਚਲਰ ਡਿਗਰੀ ਜਾਂ ਡਿਪਲੋਮਾ ਸ਼ਾਮਲ ਹੋ ਸਕਦਾ ਹੈ। ਕੁਝ ਨਾਮ. ਸੋਸ਼ਲ ਮੀਡੀਆ ਮੈਨੇਜਰ ਲੋੜੀਂਦੇ ਹੁਨਰ ਇੱਕ ਸੋਸ਼ਲ ਮੀਡੀਆ ਮੈਨੇਜਰ ਉਹ ਪੇਸ਼ੇਵਰ ਹੁੰਦਾ ਹੈ ਜੋ ਕੰਪਨੀ ਦੀ ਔਨਲਾਈਨ ਮੌਜੂਦਗੀ ਨੂੰ ਸੰਭਾਲਦਾ ਹੈ। ਇਸ ਜ਼ਿੰਮੇਵਾਰੀ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਸੰਭਾਲਣ ਲਈ ਇੱਕ ਚਾਹਵਾਨ ਸੋਸ਼ਲ ਮੀਡੀਆ ਮੈਨੇਜਰ ਨੂੰ ਹੇਠਾਂ ਦਿੱਤੇ ਹੁਨਰਾਂ ਨਾਲ ਲੈਸ ਹੋਣਾ ਚਾਹੀਦਾ ਹੈ। ਪ੍ਰਬੰਧਕੀ ਅਤੇ ਲੀਡਰਸ਼ਿਪ ਹੁਨਰ: ਜਿਵੇਂ ਕਿ ਸੋਸ਼ਲ ਮੀਡੀਆ ਮੈਨੇਜਰ ਨੂੰ ਸੋਸ਼ਲ ਮੀਡੀਆ 'ਤੇ ਕੰਪਨੀ ਦੀ ਸਮੁੱਚੀ ਮੌਜੂਦਗੀ ਨੂੰ ਸੰਭਾਲਣਾ ਹੈ ਇਸ ਤਰ੍ਹਾਂ ਸੋਸ਼ਲ ਮੀਡੀਆ ਮੈਨੇਜਰ ਵਿੱਚ ਸਭ ਤੋਂ ਜ਼ਰੂਰੀ ਗੁਣਵੱਤਾ ਪ੍ਰਬੰਧਕੀ ਅਤੇ ਲੀਡਰਸ਼ਿਪ ਹੁਨਰ ਹੈ ਜੋ ਉਸਨੂੰ ਕੰਪਨੀ ਪ੍ਰਬੰਧਨ ਨੂੰ ਅਪਡੇਟ ਰੱਖਣ ਵਿੱਚ ਮਦਦ ਕਰੇਗਾ, ਟੀਮ। ਪ੍ਰੇਰਿਤ ਅਤੇ ਗਾਹਕਾਂ ਨੂੰ ਦਿਲਚਸਪੀ ਅਤੇ ਰੁਝੇਵਿਆਂ. ਸੰਚਾਰ ਹੁਨਰ: ਮੌਖਿਕ ਅਤੇ ਲਿਖਤੀ ਦੋਵੇਂ ਤਰ੍ਹਾਂ ਦੇ ਚੰਗੇ ਸੰਚਾਰ ਹੁਨਰ ਇੱਕ ਸੋਸ਼ਲ ਮੀਡੀਆ ਮੈਨੇਜਰ ਨੂੰ ਉਸਦੇ ਗਾਹਕ ਅਤੇ ਗਾਹਕ ਨਾਲ ਬਰਾਬਰ ਰੂਪ ਵਿੱਚ ਇੱਕ ਪ੍ਰਭਾਵਸ਼ਾਲੀ ਖੁਰਲੀ ਵਿੱਚ ਸੰਚਾਰ ਕਰਨ ਦੇ ਯੋਗ ਬਣਾਉਂਦੇ ਹਨ। ਇਸ ਤਰ੍ਹਾਂ ਇੱਕ ਸੋਸ਼ਲ ਮੀਡੀਆ ਮੈਨੇਜਰ ਨੂੰ ਸੰਚਾਰ ਦੀ ਕਲਾ ਵਿੱਚ ਮਾਹਰ ਹੋਣਾ ਚਾਹੀਦਾ ਹੈ। ਸਮਾਂ ਪ੍ਰਬੰਧਨ ਹੁਨਰ: ਇੱਕ ਚੰਗੇ ਸੋਸ਼ਲ ਮੀਡੀਆ ਮੈਨੇਜਰ ਕੋਲ ਸਮਾਂ ਪ੍ਰਬੰਧਨ ਹੁਨਰ ਹੋਣਾ ਚਾਹੀਦਾ ਹੈ। ਸਮੇਂ ਸਿਰ ਚੈਕਲਿਸਟ ਦੀਆਂ ਸਾਰੀਆਂ ਚੀਜ਼ਾਂ ਨੂੰ ਪੂਰਾ ਕਰਨ ਲਈ ਉਸਨੂੰ ਕਾਰਜ- ਅਤੇ ਟੀਚਾ-ਅਧਾਰਿਤ ਹੋਣ ਦੀ ਜ਼ਰੂਰਤ ਹੈ। ਚੰਗਾ ਰਣਨੀਤੀਕਾਰ ਅਤੇ ਯੋਜਨਾਕਾਰ: ਇੱਕ ਸੋਸ਼ਲ ਮੀਡੀਆ ਮੈਨੇਜਰ ਇੱਕ ਚੰਗਾ ਰਣਨੀਤੀਕਾਰ ਅਤੇ ਯੋਜਨਾਕਾਰ ਹੋਣਾ ਚਾਹੀਦਾ ਹੈ ਕਿਉਂਕਿ ਉਸਨੂੰ ਉਸ ਕੰਪਨੀ ਦੇ ਸਮੁੱਚੇ ਢਾਂਚੇ ਨੂੰ ਸਮਝਣ ਦੀ ਲੋੜ ਹੁੰਦੀ ਹੈ ਜਿਸ ਲਈ ਉਹ ਕੰਮ ਕਰ ਰਿਹਾ ਹੈ। ਉਸਨੂੰ ਇਹ ਜਾਣਨ ਦੇ ਯੋਗ ਹੋਣਾ ਚਾਹੀਦਾ ਹੈ ਕਿ ਕਿਵੇਂ ਖੋਜ ਕਰਨਾ ਹੈ, ਸਮੱਗਰੀ ਅਤੇ ਸੋਸ਼ਲ ਮੀਡੀਆ ਸਾਰੇ ਇਕੱਠੇ ਕੰਮ ਕਰਦੇ ਹਨ. ਉਸ ਨੂੰ ਟੀਚਿਆਂ ਦੀ ਰੂਪਰੇਖਾ ਬਣਾਉਣ, ਨਿਸ਼ਾਨਾ ਦਰਸ਼ਕਾਂ ਨੂੰ ਪਰਿਭਾਸ਼ਿਤ ਕਰਨ ਅਤੇ ਇਹ ਜਾਣਨ ਦੇ ਯੋਗ ਹੋਣਾ ਚਾਹੀਦਾ ਹੈ ਕਿ ਕਿਹੜੇ ਪਲੇਟਫਾਰਮ ਵੱਧ ਤੋਂ ਵੱਧ ਲਾਭ ਪ੍ਰਾਪਤ ਕਰਨ ਵਿੱਚ ਮਦਦ ਕਰਨਗੇ। ਕਮਿਊਨਿਟੀ ਮੈਨੇਜਮੈਂਟ ਸਕਿੱਲਜ਼: ਕਮਿਊਨਿਟੀ ਮੈਨੇਜਮੈਂਟ ਸਕਿੱਲਜ਼ ਇੱਕ ਚੰਗੇ ਸੋਸ਼ਲ ਮੀਡੀਆ ਮੈਨੇਜਰ ਬਣਨ ਲਈ ਲੋੜੀਂਦੇ ਇੱਕ ਹੋਰ ਗੁਣ ਹਨ ਕਿਉਂਕਿ ਉਸਨੂੰ ਟਵੀਟਸ ਦੀ ਨਿਗਰਾਨੀ ਕਰਨੀ ਪੈਂਦੀ ਹੈ, ਫੇਸਬੁੱਕ ਪੋਸਟਾਂ ਦਾ ਜਵਾਬ ਦੇਣਾ ਪੈਂਦਾ ਹੈ ਅਤੇ ਬ੍ਰਾਂਡ ਐਡਵੋਕੇਟਾਂ ਨਾਲ ਜੁੜਨਾ ਹੁੰਦਾ ਹੈ ਅਤੇ ਟ੍ਰੋਲ ਅਤੇ ਨਕਾਰਾਤਮਕ ਫੀਡਬੈਕ ਨੂੰ ਸੰਭਾਲਣਾ ਅਤੇ ਜਵਾਬ ਦੇਣਾ ਹੁੰਦਾ ਹੈ। ਸੋਸ਼ਲ ਵੈੱਬ 'ਤੇ ਸਮਗਰੀ ਪ੍ਰਬੰਧਨ ਦੀ ਸਮਝ: ਜਿਵੇਂ ਕਿ ਚੰਗੀ ਸਮੱਗਰੀ ਨੂੰ ਸਭ ਤੋਂ ਵੱਡੀ ਭੀੜ ਖਿੱਚਣ ਵਾਲੇ ਵਜੋਂ ਜਾਣਿਆ ਜਾਂਦਾ ਹੈ, ਇਸ ਲਈ ਇੱਕ ਸੋਸ਼ਲ ਮੀਡੀਆ ਮੈਨੇਜਰ ਨੂੰ ਇਹ ਜਾਣਨ ਦੀ ਜ਼ਰੂਰਤ ਹੁੰਦੀ ਹੈ ਕਿ ਸੋਸ਼ਲ ਨੈਟਵਰਕਸ 'ਤੇ ਕਿਹੜੀ ਸਮੱਗਰੀ ਕੰਮ ਕਰਦੀ ਹੈ ਅਤੇ ਕੀ ਨਹੀਂ। ਇਸਦਾ ਮਤਲਬ ਇਹ ਵੀ ਸਮਝਣਾ ਹੈ ਕਿ ਕਿਹੜੇ ਵੱਖ-ਵੱਖ ਮੀਡੀਆ ਫਾਰਮੈਟ ਜਿਵੇਂ ਕਿ ਟੈਕਸਟ, ਵੀਡੀਓ ਅਤੇ ਚਿੱਤਰ ਤੁਹਾਡੇ ਬ੍ਰਾਂਡ ਦੇ ਸਥਾਨ ਨਾਲ ਗੂੰਜਦੇ ਹਨ। ਇੱਕ ਸਮਾਜਿਕਮੀਡੀਆ ਮੈਨੇਜਰ ਨੂੰ ਇਹ ਪਤਾ ਹੋਣਾ ਚਾਹੀਦਾ ਹੈ ਕਿ ਟਵਿੱਟਰ, ਫੇਸਬੁੱਕ, ਇੰਸਟਾਗ੍ਰਾਮ, ਪਿਨਟਰੈਸਟ ਅਤੇ ਹੋਰ ਸੋਸ਼ਲ ਨੈਟਵਰਕਸ ਵਰਗੇ ਵੱਖ-ਵੱਖ ਸੋਸ਼ਲ ਪਲੇਟਫਾਰਮਾਂ 'ਤੇ ਸਮੱਗਰੀ ਨੂੰ ਕਿਵੇਂ ਵਾਇਰਲ ਕਰਨਾ ਹੈ। ਰਚਨਾਤਮਕਤਾ ਹੁਨਰ: ਸੋਸ਼ਲ ਮੀਡੀਆ ਮੈਨੇਜਰ ਨੂੰ ਰਚਨਾਤਮਕ ਹੋਣਾ ਚਾਹੀਦਾ ਹੈ ਅਤੇ ਰਚਨਾਤਮਕ ਪ੍ਰਕਿਰਿਆ ਨੂੰ ਸਮਝਣਾ ਚਾਹੀਦਾ ਹੈ ਜੋ ਰਚਨਾਤਮਕ ਸਮੱਗਰੀ ਪ੍ਰਦਾਨ ਕਰਦੀ ਹੈ ਜੋ ਸੰਭਾਵੀ ਗਾਹਕ ਨਾਲ ਜੁੜਦੀ ਹੈ ਅਤੇ ਉਹਨਾਂ ਦੀ ਆਤਮਾ ਨੂੰ ਛੂਹਦੀ ਹੈ। ਅਨੁਕੂਲਿਤ ਹੁਨਰ: ਕੁਦਰਤ ਵਿੱਚ ਅਨੁਕੂਲ ਹੋਣਾ ਇੱਕ ਪ੍ਰਭਾਵਸ਼ਾਲੀ ਸੋਸ਼ਲ ਮੀਡੀਆ ਮੈਨੇਜਰ ਲਈ ਇੱਕ ਮਹੱਤਵਪੂਰਨ ਹੁਨਰ ਹੈ। ਜਿਵੇਂ ਕਿ ਪੋਸਟਾਂ ਅਤੇ ਸੋਸ਼ਲ ਮੀਡੀਆ ਲੈਂਡਸਕੇਪ ਇੰਨੀ ਤੇਜ਼ੀ ਨਾਲ ਅੱਗੇ ਵਧਦੇ ਹਨ, ਇੱਕ ਸੋਸ਼ਲ ਮੀਡੀਆ ਮੈਨੇਜਰ ਨੂੰ ਸਮਾਂਰੇਖਾ ਵਿੱਚ ਚਰਚਾ ਕੀਤੀ ਜਾ ਰਹੀ ਹੈ ਉਸ ਨਾਲ ਫਿੱਟ ਕਰਨ ਲਈ ਆਪਣੀਆਂ ਪੋਸਟਾਂ ਅਤੇ ਨਵੀਆਂ ਵਿਸ਼ੇਸ਼ਤਾਵਾਂ ਨੂੰ ਬਦਲਣ ਦੀ ਕੋਸ਼ਿਸ਼ ਕਰਨ ਦੇ ਯੋਗ ਅਤੇ ਤਿਆਰ ਹੋਣਾ ਚਾਹੀਦਾ ਹੈ। ਨਵੀਨਤਮ ਡਿਜੀਟਲ ਮਾਰਕੀਟਿੰਗ ਰੁਝਾਨਾਂ ਨੂੰ ਸਿੱਖਣ ਅਤੇ ਅਨੁਕੂਲਿਤ ਕਰਨ ਦੀ ਯੋਗਤਾ: ਸੋਸ਼ਲ ਮੀਡੀਆ ਮੈਨੇਜਰ ਨੂੰ ਨਵੀਨਤਮ ਡਿਜੀਟਲ ਮਾਰਕੀਟਿੰਗ ਰੁਝਾਨਾਂ ਨੂੰ ਸਿੱਖਣ ਅਤੇ ਅਨੁਕੂਲ ਬਣਾਉਣ ਦੇ ਯੋਗ ਹੋਣਾ ਚਾਹੀਦਾ ਹੈ ਤਾਂ ਜੋ ਨਵੀਂ ਤਕਨੀਕਾਂ ਨੂੰ ਸਹੀ ਸਮੇਂ 'ਤੇ ਲਾਗੂ ਕੀਤਾ ਜਾ ਸਕੇ। ਵਿਸ਼ਲੇਸ਼ਣਾਤਮਕ ਹੁਨਰ: ਤੁਹਾਡੇ ਅਤੇ ਤੁਹਾਡੀ ਟੀਮ ਦੁਆਰਾ ਕੀਤੇ ਗਏ ਯਤਨਾਂ ਦੇ ਨਤੀਜੇ ਨੂੰ ਮਾਪਣ ਲਈ ਵਿਸ਼ਲੇਸ਼ਣਾਤਮਕ ਹੁਨਰ ਜ਼ਰੂਰੀ ਹਨ। ਵਿਸ਼ਲੇਸ਼ਣਾਤਮਕ ਹੁਨਰ ਸੋਸ਼ਲ ਮੀਡੀਆ 'ਤੇ ਤੁਹਾਡੀਆਂ ਮੁਹਿੰਮਾਂ ਅਤੇ ਮਾਰਕੀਟਿੰਗ ਪਹਿਲਕਦਮੀਆਂ ਦੇ ਪ੍ਰਭਾਵ ਨੂੰ ਮਾਪਣ ਵਿੱਚ ਮਦਦ ਕਰਦੇ ਹਨ। ਇਹਨਾਂ ਹੁਨਰਾਂ ਨਾਲ, ਇਹ ਪਤਾ ਲਗਾਉਣਾ ਸੰਭਵ ਹੈ ਕਿ ਅਸਲ ਸਮੇਂ ਵਿੱਚ ਕੀ ਕੰਮ ਕਰਦਾ ਹੈ ਅਤੇ ਕੀ ਕੰਮ ਨਹੀਂ ਕਰਦਾ। ਫੈਸਲਾਕੁੰਨ: ਇੱਕ ਸੋਸ਼ਲ ਮੀਡੀਆ ਮੈਨੇਜਰ ਦੇ ਤੌਰ 'ਤੇ ਫੈਸਲੇ ਲੈਣੇ ਪੈਂਦੇ ਹਨ, ਜੋ ਕਿ ਤੁਰੰਤ ਸਮੇਂ ਵਿੱਚ ਇਸ ਲਈ ਉਸ ਕੋਲ ਤੁਰੰਤ ਫੈਸਲਾ ਲੈਣ ਦੀ ਯੋਗਤਾ ਅਤੇ ਸ਼ਕਤੀਆਂ ਹੋਣੀਆਂ ਚਾਹੀਦੀਆਂ ਹਨ। ਜਿਵੇਂ ਕਿ ਕੁਝ ਮਾਮਲਿਆਂ ਵਿੱਚ, ਇੱਕ ਸੋਸ਼ਲ ਮੀਡੀਆ ਮੈਨੇਜਰ ਨੂੰ ਇਹ ਫੈਸਲਾ ਲੈਣਾ ਪੈਂਦਾ ਹੈ ਕਿ ਉਹ ਅਸਲ ਸਮੇਂ ਵਿੱਚ ਨਿਰਣਾਇਕਤਾ ਦੀ ਇਸ ਯੋਗਤਾ ਨਾਲ ਲੈਸ ਹੋਣਾ ਚਾਹੀਦਾ ਹੈ। ਇਹਨਾਂ ਵਿੱਚੋਂ ਕੁਝ ਜਾਂ ਸਾਰੇ ਹੁਨਰਾਂ ਦੇ ਨਾਲ, ਇੱਕ ਸੋਸ਼ਲ ਮੀਡੀਆ ਮੈਨੇਜਰ ਇੱਕ ਪ੍ਰਭਾਵ ਬਣਾ ਸਕਦਾ ਹੈ ਅਤੇ ਉਸਦੇ ਗਾਹਕ ਦੁਆਰਾ ਉਸਨੂੰ ਦਿਖਾਏ ਵਿਸ਼ਵਾਸ ਨਾਲ ਇਨਸਾਫ਼ ਕਰ ਸਕਦਾ ਹੈ। ਸੋਸ਼ਲ ਮੀਡੀਆ ਮੈਨੇਜਰ ਲਈ ਕੋਰਸ ਪੇਸ਼ ਕਰਨ ਵਾਲੀਆਂ ਕੁਝ ਸੰਸਥਾਵਾਂ ਇੰਡੀਅਨ ਇੰਸਟੀਚਿਊਟ ਆਫ ਮਾਸ ਕਮਿਊਨੀਕੇਸ਼ਨ, ਨਵੀਂ ਦਿੱਲੀ ਐਪੀਜੇ ਇੰਸਟੀਚਿਊਟ ਆਫ ਮਾਸ ਕਮਿਊਨੀਕੇਸ਼ਨ - ਬ੍ਰੇਵਿਟੀ ਇੰਟਰਨੈਸ਼ਨਲ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ - ਸੋਸ਼ਲ ਮੀਡੀਆ ਮੈਨੇਜਰ ਕਿਵੇਂ ਬਣਨਾ ਹੈ? ਇੱਕ ਚਾਹਵਾਨ ਸੋਸ਼ਲ ਮੀਡੀਆ ਮੈਨੇਜਰ ਵਜੋਂ ਸੋਸ਼ਲ ਮੀਡੀਆ ਮੈਨੇਜਰ ਬਣਨ ਲਈ ਹੇਠਾਂ ਦਿੱਤੇ ਕਦਮਾਂ ਦੀ ਪਾਲਣਾ ਕਰਨੀ ਪੈਂਦੀ ਹੈ। ਕਦਮ 1 ਕਿਸੇ ਵੀ ਸਟ੍ਰੀਮ ਵਿੱਚ +2 ਨੂੰ ਪੂਰਾ ਕਰਨ ਤੋਂ ਬਾਅਦ ਚਾਹਵਾਨ ਉਮੀਦਵਾਰ ਕਿਸੇ ਵੀ ਸੰਬੰਧਿਤ ਬੈਚਲਰ ਡਿਗਰੀ ਕੋਰਸ ਜਿਵੇਂ ਕਿ ਮੀਡੀਆ ਸਟੱਡੀਜ਼ ਵਿੱਚ ਬੈਚਲਰਸ, ਬੈਚਲਰ ਆਫ਼ ਮਾਸ ਕਮਿਊਨੀਕੇਸ਼ਨ ਆਦਿ ਵਿੱਚ ਕੁਝ ਨਾਮਵਰ ਮਾਸ ਕਮਿਊਨੀਕੇਸ਼ਨ ਸੰਸਥਾਵਾਂ ਵਿੱਚ ਸ਼ਾਮਲ ਹੋ ਸਕਦੇ ਹਨ। ਹਾਲਾਂਕਿ, ਕੋਈ ਸੋਸ਼ਲ ਮੀਡੀਆ ਮੈਨੇਜਰ ਬਣਨ ਲਈ ਕਿਸੇ ਵੀ ਸਟ੍ਰੀਮ ਵਿੱਚ ਬੈਚਲਰ ਦੀ ਡਿਗਰੀ ਕਰ ਸਕਦਾ ਹੈ। ਕਦਮ 2 ਸਬੰਧਤ ਖੇਤਰ ਵਿੱਚ ਬੈਚਲਰ ਦੀ ਡਿਗਰੀ ਪ੍ਰਾਪਤ ਕਰਨ ਤੋਂ ਬਾਅਦ ਚਾਹਵਾਨ ਉਮੀਦਵਾਰ ਸੋਸ਼ਲ ਮੀਡੀਆ ਮੈਨੇਜਰ ਵਜੋਂ ਨੌਕਰੀ ਲੱਭ ਸਕਦੇ ਹਨ ਜਾਂ ਆਪਣੇ ਗਾਹਕਾਂ ਵਜੋਂ ਕਈ ਕੰਪਨੀਆਂ ਨਾਲ ਸੁਤੰਤਰ ਤੌਰ 'ਤੇ ਕੰਮ ਕਰ ਸਕਦੇ ਹਨ। ਜਿਨ੍ਹਾਂ ਲੋਕਾਂ ਨੇ ਜਨਰਲ ਬੈਚਲਰ ਦੀ ਡਿਗਰੀ ਲਈ ਹੈ, ਉਹ ਆਪਣੇ ਹੁਨਰ ਨੂੰ ਨਿਖਾਰਨ ਲਈ ਸੋਸ਼ਲ ਮੀਡੀਆ ਅਤੇ ਵੈੱਬ ਜਰਨਲਿਜ਼ਮ ਵਿੱਚ ਪੀਜੀ ਡਿਪਲੋਮਾ ਵਰਗੇ ਪੀਜੀ ਕੋਰਸਾਂ ਲਈ ਜਾ ਸਕਦੇ ਹਨ ਅਤੇ ਪੇਸ਼ੇਵਰ ਕੰਮ ਕਰਨ ਤੋਂ ਪਹਿਲਾਂ ਅਸਲ ਸੋਸ਼ਲ ਮੀਡੀਆ ਖੇਤਰ ਦੇ ਏਬੀਸੀ ਨੂੰ ਜਾਣ ਸਕਦੇ ਹਨ। ਸੋਸ਼ਲ ਮੀਡੀਆ ਮੈਨੇਜਰ ਬਣਨ ਲਈ ਲੋੜੀਂਦੇ ਕੁਝ ਸਬੰਧਤ ਕੋਰਸ ਹਨ: ਸੋਸ਼ਲ ਮੀਡੀਆ ਅਤੇ ਵੈੱਬ ਪੱਤਰਕਾਰੀ ਵਿੱਚ ਪੋਸਟ ਗ੍ਰੈਜੂਏਟ ਡਿਪਲੋਮਾ। ਮੀਡੀਆ ਸਟੱਡੀਜ਼ ਦਾ ਬੈਚਲਰ ਬੈਚਲਰ ਆਫ਼ ਮਾਸ ਕਮਿਊਨੀਕੇਸ਼ਨ ਸੋਸ਼ਲ ਮੀਡੀਆ ਮੈਨੇਜਰ ਨੌਕਰੀ ਦਾ ਵੇਰਵਾ ਇੱਕ ਸੋਸ਼ਲ ਮੀਡੀਆ ਮੈਨੇਜਰ ਦੀ ਨੌਕਰੀ ਦਾ ਵਰਣਨ ਸੋਸ਼ਲ ਮੀਡੀਆ ਪਲੇਟਫਾਰਮ 'ਤੇ ਇੱਕ ਬ੍ਰਾਂਡ ਨੂੰ ਸਭ ਤੋਂ ਆਕਰਸ਼ਕ ਤਰੀਕੇ ਨਾਲ ਪੇਸ਼ ਕਰਨਾ ਅਤੇ ਸੋਸ਼ਲ ਮੀਡੀਆ ਰਾਹੀਂ ਉਸਦੇ ਗਾਹਕ ਅਤੇ ਸੰਭਾਵੀ ਗਾਹਕ ਵਿਚਕਾਰ ਇੱਕ ਮਜ਼ਬੂਤ ਬੰਧਨ ਬਣਾਉਣਾ ਹੈ। ਇੱਕ ਸੋਸ਼ਲ ਮੀਡੀਆ ਮੈਨੇਜਰ ਦੇ ਰੂਪ ਵਿੱਚ ਕੰਪਨੀ ਦੀ ਸੋਸ਼ਲ ਮੀਡੀਆ ਮਾਰਕੀਟਿੰਗ ਅਤੇ ਇਸ਼ਤਿਹਾਰਬਾਜ਼ੀ ਦਾ ਪ੍ਰਬੰਧਨ ਕਰਨ ਲਈ ਜ਼ਿੰਮੇਵਾਰ ਹੈ। ਉਸਦੀ ਨੌਕਰੀ ਵਿੱਚ ਉਸਦੀ ਟੀਮ ਅਤੇ ਆਪਣੇ ਲਈ ਜਾਣਬੁੱਝ ਕੇ ਯੋਜਨਾਬੰਦੀ ਅਤੇ ਟੀਚਾ ਨਿਰਧਾਰਤ ਕਰਨਾ ਸ਼ਾਮਲ ਹੈ। ਉਸਦੇ ਨੌਕਰੀ ਦੇ ਵੇਰਵੇ ਵਿੱਚ ਬ੍ਰਾਂਡ ਜਾਗਰੂਕਤਾ ਅਤੇ ਕੰਪਨੀ ਦੀ ਔਨਲਾਈਨ ਪ੍ਰਤਿਸ਼ਠਾ ਦਾ ਵਿਕਾਸ ਵੀ ਸ਼ਾਮਲ ਹੈ ਜਿਸਨੂੰ ਉਹ ਨਾਲ ਕੰਮ ਕਰ ਰਿਹਾ ਹੈ। ਜਿਵੇਂ ਕਿ ਸੋਸ਼ਲ ਮੀਡੀਆ ਵਿੱਚ ਸਮਗਰੀ ਬੌਸ ਹੈ, ਇੱਕ ਸੋਸ਼ਲ ਮੀਡੀਆ ਮੈਨੇਜਰ ਨੂੰ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਪ੍ਰਦਰਸ਼ਿਤ ਕੀਤੀ ਜਾ ਰਹੀ ਸਮੱਗਰੀ ਦਾ ਪ੍ਰਬੰਧਨ ਵੀ ਕਰਨਾ ਹੁੰਦਾ ਹੈ। ਇੱਕ ਸੋਸ਼ਲ ਮੀਡੀਆ ਮੈਨੇਜਰ ਦੀ ਨੌਕਰੀ ਵਿੱਚ ਖੋਜ ਇੰਜਨ ਔਪਟੀਮਾਈਜੇਸ਼ਨ ਅਤੇ ਲੀਡ ਅਤੇ ਵਿਕਰੀ ਦੀ ਕਾਸ਼ਤ ਵਰਗੀਆਂ ਵੱਖ-ਵੱਖ ਤਕਨੀਕਾਂ ਨੂੰ ਅਪਣਾ ਕੇ ਅੰਦਰ ਵੱਲ ਆਵਾਜਾਈ ਪੈਦਾ ਕਰਨਾ ਵੀ ਸ਼ਾਮਲ ਹੈ। ਸੋਸ਼ਲ ਮੀਡੀਆ ਮੈਨੇਜਰ ਕਰੀਅਰ ਸੰਭਾਵਨਾਵਾਂ ਅੱਜ ਦੇ ਹਾਲਾਤ ਵਿੱਚ ਜਿੱਥੇ ਵੈੱਬ 'ਤੇ ਸਭ ਕੁਝ ਉਪਲਬਧ ਹੈ, ਸੋਸ਼ਲ ਮੀਡੀਆ ਖਾਸ ਕਰਕੇ ਸੋਸ਼ਲ ਮੀਡੀਆ ਮੈਨੇਜਰ ਨਾਲ ਸਬੰਧਤ ਪੇਸ਼ੇਵਰਾਂ ਲਈ ਕਰੀਅਰ ਦੇ ਮੌਕਿਆਂ ਦੀ ਕੋਈ ਕਮੀ ਨਹੀਂ ਹੈ। ਸੋਸ਼ਲ ਮੀਡੀਆ ਮੈਨੇਜਰ ਦੀ ਮੰਗ ਸੋਸ਼ਲ ਮੀਡੀਆ ਦੀ ਵਰਤੋਂ ਦੀ ਗਤੀ ਦੇ ਨਾਲ ਵਧ ਰਹੀ ਹੈ. ਅਸਲ ਵਿੱਚ ਹਰ ਸੰਸਥਾ ਨੂੰ ਭਾਵੇਂ ਇਹ ਇੱਕ ਈ-ਕਾਮਰਸ ਕੰਪਨੀ ਹੋਵੇ ਜਾਂ ਇੱਕ ਵਿਦਿਅਕ ਸੰਸਥਾ ਨੂੰ ਸੋਸ਼ਲ ਮੀਡੀਆ 'ਤੇ ਮੌਜੂਦਗੀ ਦੀ ਲੋੜ ਹੁੰਦੀ ਹੈ ਇਸ ਤਰ੍ਹਾਂ ਇੱਕ ਸੋਸ਼ਲ ਮੀਡੀਆ ਮੈਨੇਜਰ ਦੀ ਲੋੜ ਉਹਨਾਂ ਦੀ ਮੌਜੂਦਗੀ ਨੂੰ ਸੰਭਾਲਣ ਅਤੇ ਸੋਸ਼ਲ ਮੀਡੀਆ 'ਤੇ ਪ੍ਰਭਾਵ ਪਾਉਣ ਲਈ ਹੁੰਦੀ ਹੈ। ਅਸੀਂ ਕਹਿ ਸਕਦੇ ਹਾਂ ਕਿ ਇੱਕ ਕੁਸ਼ਲ ਸੋਸ਼ਲ ਮੀਡੀਆ ਮੈਨੇਜਰ ਆਪਣੀ ਪਸੰਦ ਦੇ ਉਦਯੋਗ ਵਿੱਚ ਨੌਕਰੀ ਦੇ ਮੌਕੇ ਪ੍ਰਾਪਤ ਕਰ ਸਕਦਾ ਹੈ ਭਾਵੇਂ ਉਹ ਫਲਿੱਪ ਕਾਰਟ ਵਰਗੀ ਕੋਈ ਈ-ਕਾਮਰਸ ਵੈਬਸਾਈਟ ਜਾਂ ਐਮਿਟੀ ਯੂਨੀਵਰਸਿਟੀ ਵਰਗੀ ਵਿਦਿਅਕ ਸੰਸਥਾ ਜਾਂ ਵੈੱਬ ਵਿਕਾਸ ਕੰਪਨੀ ਹੋਵੇ। ਸੋਸ਼ਲ ਮੀਡੀਆ ਮੈਨੇਜਰ ਦੀ ਤਨਖਾਹ ਇੱਕ ਨਵਾਂ ਸੋਸ਼ਲ ਮੀਡੀਆ ਮੈਨੇਜਰ ਸ਼ੁਰੂਆਤ ਕਰਨ ਲਈ 25,000 ਰੁਪਏ ਤੋਂ 30,000 ਰੁਪਏ ਪ੍ਰਤੀ ਮਹੀਨਾ ਤੱਕ ਦੀ ਉਮੀਦ ਕਰ ਸਕਦਾ ਹੈ। ਹਾਲਾਂਕਿ, ਖੇਤਰ ਵਿੱਚ ਕੁਝ ਤਜਰਬੇ ਅਤੇ ਵੱਡੇ ਬ੍ਰਾਂਡਾਂ ਦੇ ਨਾਲ ਸਹਿਯੋਗ ਦੇ ਨਾਲ, ਕੋਈ ਵੀ ਪ੍ਰਤੀ ਮਹੀਨਾ 50,000 ਰੁਪਏ ਤੋਂ ਵੱਧ ਪ੍ਰਾਪਤ ਕਰਨ ਦੀ ਉਮੀਦ ਕਰ ਸਕਦਾ ਹੈ। ਇੱਕ ਸੋਸ਼ਲ ਮੀਡੀਆ ਮੈਨੇਜਰ ਦੇ ਤਨਖਾਹ ਸਕੇਲ ਦਾ ਫੈਸਲਾ ਕਰਨ ਵਿੱਚ ਤਜਰਬਾ, ਮੁਹਾਰਤ, ਅਤੇ ਸੰਗਠਨ ਜਿਸ ਨਾਲ ਕੋਈ ਕੰਮ ਕਰ ਰਿਹਾ ਹੈ ਇੱਕ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ।

# ਸਹਿਜ ਰਹਿ ਕੇ ਕਰੋ ਬੱਚਿਆਂ ਦੀ ਅਗਵਾਈ

-ਵਿਜੈ ਗਰਗ-



ਘਰ ਬੱਚੇ ਦਾ ਪਹਿਲਾ ਸਕੂਲ ਹੁੰਦਾ ਹੈ, ਜਿੱਥੋਂ ਬੱਚੇ ਦੇ ਸਿੱਖਣ ਦੀ ਪ੍ਰਕਿਰਿਆ ਦੀ ਸ਼ੁਰੂਆਤ ਹੁੰਦੀ ਹੈ। ਮਾਂ-ਪਿਓ ਦੇ ਆਪਸੀ ਰਿਸ਼ਤੇ ਦੀ ਬੱਚੇ ਦੇ ਸਰਬਪੱਖੀ ਵਿਕਾਸ 'ਚ ਅਹਿਮ ਭੂਮਿਕਾ ਹੁੰਦੀ ਹੈ ਕਿਉਂਕਿ ਬੱਚੇ ਦਾ ਪਾਤਰ ਅਤੇ ਭਵਿੱਖ ਘਰ ਤੋਂ ਹੀ ਉਪਜਦਾ ਹੈ। ਬੱਚਿਆਂ ਦਾ ਅਨਭੋਲ ਬਚਪਨ ਵੈਰ-ਵਿਰੋਧ ਈਰਖਾ ਤੋਂ ਰਹਿਤ, ਝਗੜੇ ਦੀ ਛਤਰ-ਛਾਇਆ ਤੋਂ ਪਰ੍ਹੇ ਹੁੰਦਾ ਹੈ, ਤਾਂ ਹੀ ਕਿਹਾ ਜਾਂਦਾ ਹੈ, 'ਬੱਚੇ ਮਨ ਕੇ ਸੱਚੇ!'

## ਮਾਨਸਿਕਤਾ 'ਤੇ ਪੈਂਦਾ ਡੂੰਘਾ ਪ੍ਰਭਾਵ

ਅਕਸਰ ਘਰ 'ਚ ਪਰਿਵਾਰਕ ਮੈਂਬਰ ਬੱਚਿਆਂ ਸਾਹਮਣੇ ਘਰੇਲੂ ਗੱਲਾਂ ਕਰਦੇ ਰਹਿੰਦੇ ਹਨ। ਕਈ ਵਾਰ ਅਜਿਹੀਆਂ ਗੱਲਾਂ ਵੀ ਹੋ ਜਾਂਦੀਆਂ ਹਨ, ਜਿਨ੍ਹਾਂ ਦਾ ਜਾਣੇ-ਅਣਜਾਣੇ 'ਚ ਬੱਚੇ ਦੀ ਮਾਨਸਿਕਤਾ 'ਤੇ ਡੂੰਘਾ ਪ੍ਰਭਾਵ ਪੈਂਦਾ ਹੈ। ਇਸ ਲਈ ਬੱਚੇ ਸਾਹਮਣੇ ਘਰੇਲੂ ਗੱਲਾਂ ਕਰਨ ਤੋਂ ਗੁਰੇਜ਼ ਕਰਨਾ ਚਾਹੀਦਾ ਹੈ ਕਿਉਂਕਿ ਬੱਚੇ ਦਾ ਮਾਨਸਿਕ ਪੱਧਰ ਅਜੇ ਪੂਰਨ ਤੌਰ 'ਤੇ ਵਿਕਸਤ ਹੋ ਰਿਹਾ ਹੁੰਦਾ ਹੈ।

## ਬੱਚੇ ਰਹਿੰਦੇ ਹਨ ਇਕਾਂਤ 'ਚ

ਅਜੋਕੇ ਸਮੇਂ ਦੌਰਾਨ ਸਾਂਝੇ ਪਰਿਵਾਰ ਟੁੱਟ ਰਹੇ ਹਨ ਅਤੇ ਛੋਟੇ ਪਰਿਵਾਰਾਂ ਦਾ ਦੌਰ ਚੱਲ ਪਿਆ ਹੈ। ਪਰਿਵਾਰਕ ਮੈਂਬਰਾਂ ਦਾ ਮੋਹ-ਪਿਆਰ ਘਟ ਗਿਆ ਹੈ ਅਤੇ ਲੋੜਾਂ ਨੂੰ ਮੁੱਖ ਰੱਖਦਿਆਂ ਪਰਿਵਾਰ ਛੋਟੇ ਹੁੰਦੇ ਜਾ ਰਹੇ ਹਨ ਪਰ ਇਸ ਦੌਰ ਦਾ ਵਧੇਰੇ ਪ੍ਰਭਾਵ ਬੱਚੇ ਦੇ ਪਾਲਣ-ਪੋਸ਼ਣ 'ਤੇ ਪੈ ਰਿਹਾ ਹੈ। ਛੋਟੇ ਪਰਿਵਾਰਾਂ ਵਿਚ ਬੱਚਾ ਇਕਾਂਤ ਵਿਚ ਰਹਿੰਦਾ ਹੈ ਕਿਉਂਕਿ ਅਕਸਰ ਹੀ ਮਾਂ-ਪਿਓ ਆਪਣੇ ਕੰਮਾਂ 'ਚ ਰੁੱਝੇ ਹੁੰਦੇ ਹਨ ਅਤੇ ਬੱਚੇ ਦਾ ਪਾਲਣ-ਪੋਸ਼ਣ ਸਹੀ ਢੰਗ ਨਾਲ ਨਹੀਂ ਹੁੰਦਾ। ਇਕਾਂਤ 'ਚ ਰਹਿਣ ਕਾਰਨ ਬੱਚਾ ਅੰਤਰਮੁਖੀ ਸੁਭਾਅ ਦਾ ਮਾਲਕ ਬਣ ਜਾਂਦਾ ਹੈ। ਦੂਜੇ ਪਾਸੇ ਜੇ ਬੱਚਾ ਸਾਂਝੇ ਪਰਿਵਾਰ ਵਿਚ ਵਿਚਰੇਗਾ ਤਾਂ ਉਹ ਮਿਲਣਸਾਰ ਬਣੇਗਾ ਅਤੇ ਉਸ ਨੂੰ ਰਿਸ਼ਤਿਆਂ ਦੀ ਸੋਝੀ ਆਵੇਗੀ। ਇਸ ਤਰ੍ਹਾਂ ਉਹ ਬਚਪਨ ਤੋਂ ਹੀ ਰਿਸ਼ਤਿਆਂ ਦੀ ਅਹਿਮੀਅਤ ਨੂੰ ਸਮਝੇਗਾ।

## ਨੈਤਿਕ ਜ਼ਿੰਮੇਵਾਰੀ

ਬੱਚੇ ਨੂੰ ਚੰਗੇਰਾ ਤੇ ਨੇਕ ਦਿਲ ਇਨਸਾਨ ਬਣਾਉਣ ਲਈ ਮਾਪਿਆਂ ਦਾ ਫ਼ਰਜ਼ ਬਣਦਾ ਹੈ ਕਿ ਬੱਚੇ ਨੂੰ ਵੈਰ-ਵਿਰੋਧ, ਈਰਖਾ ਜਿਹੇ ਨਾਂਹ-ਪੱਖੀ ਗੁਣਾਂ ਤੋਂ ਕੋਹਾਂ ਦੂਰ ਰੱਖਿਆ ਜਾਵੇ ਅਤੇ ਬੱਚੇ ਦੇ ਮਨ ਵਿਚ ਸਾਰਿਆਂ ਪ੍ਰਤੀ ਪਿਆਰ ਦੇ ਰੰਗ ਭਰਨੇ ਚਾਹੀਦੇ ਹਨ। ਵੈਰ-ਵਿਰੋਧ ਸਦਕਾ ਬੱਚਾ ਪਿਛਾਂਹਖਿੱਚੂ ਸੋਚ ਦਾ ਮਾਲਕ ਬਣੇਗਾ। ਸਭਨਾਂ ਪ੍ਰਤੀ ਪਿਆਰ ਦੀ ਭਾਵਨਾ ਰੱਖਣ ਸਦਕਾ ਬੱਚੇ ਦੇ ਮਨ ਅੰਦਰ ਆਤਮ-ਵਿਸ਼ਵਾਸ ਪੈਦਾ ਹੋਵੇਗਾ।

## ਘਰ ਦੇ ਮਾਹੌਲ ਦਾ ਪ੍ਰਭਾਵ

ਆਖਿਆ ਜਾਂਦਾ ਹੈ ਕਿ 'ਜੈਸਾ ਅੰਨ ਵੈਸਾ ਮਨ'। ਠੀਕ ਇਸੇ ਤਰ੍ਹਾਂ ਹੀ ਜਿਸ ਤਰ੍ਹਾਂ ਦਾ ਮਾਹੌਲ ਘਰ ਵਿਚ ਹੋਵੇਗਾ, ਉਸੇ ਤਰ੍ਹਾਂ ਦਾ ਹੀ ਬੱਚੇ ਦਾ ਸੁਭਾਅ ਹੋਵੇਗਾ। ਜੇ ਘਰ ਦਾ ਮਾਹੌਲ ਨਾਂਹ-ਪੱਖੀ ਹੋਵੇਗਾ ਤਾਂ ਬੱਚੇ ਦਾ ਸੁਭਾਅ ਅੜੀਅਲ ਹੋਵੇਗਾ ਤੇ ਜੇ ਘਰ ਦਾ ਮਾਹੌਲ ਹਾਂ-ਪੱਖੀ ਹੋਵੇਗਾ ਤਾਂ ਬੱਚੇ ਦਾ ਸੁਭਾਅ ਹਸਮੁੱਖ ਅਤੇ ਮਿਲਣਸਾਰ ਹੋਵੇਗਾ।

## ਮਾਪਿਆਂ ਦੀ ਭੂਮਿਕਾ

ਬੱਚੇ ਦੇ ਪਾਲਣ-ਪੋਸ਼ਣ 'ਚ ਮਾਂ-ਪਿਓ ਦਾ ਅਹਿਮ ਯੋਗਦਾਨ ਹੁੰਦਾ ਹੈ। ਮਾਂ-ਪਿਓ ਦੇ ਰਵੱਈਏ ਦਾ ਵਧੇਰੇ ਪ੍ਰਭਾਵ ਬੱਚੇ ਦੀ ਮਾਨਸਿਕਤਾ 'ਤੇ ਪੈਂਦਾ ਹੈ। ਜੇ ਮਾਂ-ਪਿਓ ਦੇ ਰਿਸ਼ਤੇ 'ਚ ਖੱਟਾਸ ਹੋਵੇਗੀ ਤਾਂ ਉਸ ਦਾ ਡੂੰਘਾ ਪ੍ਰਭਾਵ ਬੱਚੇ ਦੇ ਭਵਿੱਖ 'ਤੇ ਪਵੇਗਾ ਅਤੇ ਜੇਕਰ ਮਾਂ-ਪਿਓ ਦਾ ਰਿਸ਼ਤਾ ਪਿਆਰ ਦੇ ਬੰਧਨ 'ਚ ਬੱਝਿਆ ਹੋਵੇਗਾ ਤਾਂ ਫਿਰ ਬੱਚੇ ਦਾ ਰਵੱਈਆ ਵੀ ਜ਼ਿੰਦਗੀ ਪ੍ਰਤੀ ਸਕਾਰਾਤਮਿਕ ਹੋਵੇਗਾ।


URGENTLY NEED NEW LISTINGS IN BRAMPTON/CALEDON
visit: www.teamjagaujla.com
ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE
CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED/SOLD IN YOUR NEIGHBOURHOOD

**SHELBURNE** (Simon St /Hwy 89)
ਬਿਲਕੁਲ ਸ਼ਾਨਦਾਰ ਤੇ ਸਾਫ ਸੁਥਰਾ ਸੈਮੀ ਡਿਟੈਚ ਬੰਗਲੌ, ਸ਼ਾਂਤ ਕੰਮਿਊਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵੇਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੋਟ ਲਾਇਟਸ ਆਦਿ।

**CAMBRIDGE** (Speedsville/Equestrian Way)
ਐਂਡ ਯੂਨਿਟ ਕਾਨ੍ਰਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖ਼ੂਬਸੂਰਤ ਵਿਊ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਊਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀਨੇਟਡ ਫਲੋਰ। ਹਾਈਵੇ 401, ਪਾਰਕ ਤੇ ਸਕੂਲ ਦੇ ਨੇੜੇ।

**BRAMPTON** (Mclaughlin / Steeles / Mavis)
ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।

**BRAMPTON** (Wanless/Mclaughlin)
ਸ਼ਾਨਦਾਰ ਤੇ ਸਾਫ ਸੁਥਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੇਟ ਇੰਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।

FREE
- Full MLS services
- Consistent marketing until your property is sold
- Competitive rates, exceptional service & award winning results
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold

RE/MAX REALTY SPECIALISTS INC.
Ph:905-456-3232
JAG AUJLA 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT



Grand Upholstery Ltd
Sofa Company Originality in Every Piece
Special on Sale
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜ਼ਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋਂ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂੰਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com



REXDALE BODY SHOP
USED CAR SALE
Specialization In:
- All Kinds of Body Work
- Auto Glass Windshield
- Denting, Painting & Welding

SPECIAL PAINT JOB $779
RENTAL CAR PROVIDED
25 years of Canadian Experience
OPEN MON - SAT 9AM TO 7PM
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
CHEEMA
LOWEST PRICE IN TOWN
Call Rick or Manminder Cheema: 416.749.9596 /416.951.6431
Towing Service Car Paint Starts $799*upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca mcheemaaaa@hotmail.com







FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017